ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 27 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੧ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸੰਸਦ ਮੈਂਬਰ ਮੀਤ ਹੇਅਰ ਫੋਰਟਿਸ ਹਸਪਤਾਲ 'ਚ ਦਾਖਲ, ਡੇਂਗੂ ਹੋਣ ਤੋਂ ਬਾਅਦ ਹੋਏ ਭਰਤੀ, ਖੁਦ ਸਾਂਝੀ ਕੀਤੀ ਜਾਣਕਾਰੀ

**ਚੰਡੀਗੜ੍ਹ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸੰਗਰੂਰ ਲੋਕ ਸਭਾ ਸੀਟ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੂੰ ਡੇਂਗੂ ਪਾਜ਼ੇਟਿਵ ਹੋਣ ਕਾਰਨ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਇਸ ਦੀ ਜਾਣਕਾਰੀ ਉਨ੍ਹਾਂ ਨੇ ਖੁਦ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਸਾਂਝੀ ਕੀਤੀ ਹੈ। ਉਨ੍ਹਾਂ ਨੂੰ ਫੋਰਟਿਸ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਇਸ ਸਮੇਂ ਗੁਰਮੀਤ ਸਿੰਘ ਮੀਤ ਹੇਅਰ ਬੈੱਡ ਰੈਸਟ 'ਤੇ ਹਨ। ਉਨ੍ਹਾਂ ਨੂੰ ਠੀਕ ਹੋਣ ਵਿੱਚ ਕੁਝ ਦਿਨ ਲੱਗ ਸਕਦੇ ਹਨ। ਮੀਤ ਹੇਅਰ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਲਿਖਿਆ- ਪਿਛਲੇ ਇੱਕ ਹਫ਼ਤੇ ਤੋਂ ਡੇਂਗੂ ਪਾਜ਼ੇਟਿਵ ਹੋਣ ਕਾਰਨ ਹਸਪਤਾਲ ਦਾਖਲ ਹਾਂ ਆਪਣੇ ਬਰਨਾਲਾ ਵਾਸੀਆਂ ਨੂੰ ਮੈਂ ਜ਼ਿਮਨੀ ਚੋਣ ਲਈ ਸਾਡੇ ਉਮੀਦਵਾਰ ਹਰਿੰਦਰ ਸਿੰਘ ਧਾਲੀਵਾਲ ਦੀ ਚੋਣ ਮੁਹਿੰਮ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਬੇਨਤੀ ਕਰਦਾ ਹਾਂ। ਸਿਹਤਯਾਬ ਹੋਣ ਉਪਰੰਤ ਮੈਂ ਜਲਦ ਚੋਣ ਮੁਹਿੰਮ ਵਿੱਚ ਸ਼ਾਮਲ ਹੋਵਾਂਗਾ। ਪੰਜਾਬ ਵਿੱਚ ਵਿਧਾਨ ਸਭਾ ਜ਼ਿਮਨੀ ਚੋਣਾਂ ਹੋ ਰਹੀਆਂ ਹਨ। ਨਾਮਜ਼ਦਗੀ ਦਾਖ਼ਲ ਕਰਨ ਦੀ ਪ੍ਰਕਿਰਿਆ ਕੱਲ੍ਹ ਸ਼ੁੱਕਰਵਾਰ ਨੂੰ ਖ਼ਤਮ ਹੋ ਗਈ ਸੀ।



## ਇਜ਼ਰਾਈਲ ਦਾ ਉਹ ਆਪਰੇਸ਼ਨ, ਜਿਸ ਨੇ ਈਰਾਨ ਦੀ ਉਡਾਈ ਨੀਂਦ

# 'ਸਾਡਾ ਬਦਲਾ ਪੂਰਾ, ਜੇਕਰ ਹੁਣ ਕੁਝ ਕੀਤਾ ਤਾਂ'

**ਨਵੀਂ ਦਿੱਲੀ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਿਡਲ ਈਸਟ ਵਿੱਚ ਸ਼ਨੀਵਾਰ ਤੜਕੇ ਇਜ਼ਰਾਈਲ ਨੇ ਈਰਾਨ 'ਤੇ ਹਮਲਾ ਕਰਕੇ ਬਦਲਾ ਲੈ ਲਿਆ। ਇਜ਼ਰਾਈਲੀ ਫੌਜ ਦੇ ਅਨੁਸਾਰ, ਉਨ੍ਹਾਂ ਨੇ ਈਰਾਨੀ ਫੌਜੀ ਠਿਕਾਣਿਆਂ ਅਤੇ ਤਹਿਰਾਨ ਦੇ ਆਲੇ-ਦੁਆਲੇ ਕਈ ਸ਼ਹਿਰਾਂ 'ਤੇ ਬੰਬਾਰੀ ਕੀਤੀ। ਮੀਡੀਆ ਰਿਪੋਰਟਾਂ ਮੁਤਾਬਕ ਇਜ਼ਰਾਈਲ ਨੇ ਈਰਾਨ 'ਤੇ ਹਮਲਾ ਕਰਨ ਲਈ 100 ਤੋਂ ਵੱਧ ਲੜਾਕੂ ਜਹਾਜ਼ਾਂ ਦੀ ਵਰਤੋਂ ਕੀਤੀ ਹੈ।946 ਅਧਿਕਾਰੀਆਂ ਨੇ ਕਿਹਾ ਕਿ ਈਰਾਨ 'ਤੇ ਬੰਬਾਰੀ ਕਰਨ ਵਾਲੇ ਸਾਰੇ ਲੜਾਕੂ ਜਹਾਜ਼ ਸੁਰੱਖਿਅਤ ਬੇਸ 'ਤੇ ਵਾਪਸ ਪਰਤ ਗਏ ਹਨ। ਇਜ਼ਰਾਈਲ ਨੇ ਈਰਾਨ 'ਤੇ ਹਮਲਾ ਕਰਨ ਵਾਲੇ ਆਪ੍ਰੇਸ਼ਨ ਦਾ ਕੋਡ ਡੇਜ਼ ਆਫ਼ ਰੀਪੇਂਟੈਂਸ ਸੀ। ਇਜ਼ਰਾਈਲ ਨੇ ਈਰਾਨ ਦੇ 4 ਸ਼ਹਿਰਾਂ 'ਤੇ ਹਮਲਾ ਕੀਤਾ। ਆਈਡੀਐਫ ਮੁਤਾਬਕ 1600 ਕਿਲੋਮੀਟਰ ਦੂਰ ਕੀਤੇ ਗਏ ਇਸ ਹਮਲੇ ਵਿੱਚ ਐਫ-35 ਲੜਾਕੂ ਜਹਾਜ਼ਾਂ, ਜਾਸੂਸੀ ਜਹਾਜ਼ਾਂ ਸਮੇਤ ਇਜ਼ਰਾਈਲੀ ਹਵਾਈ ਸੈਨਾ ਦੇ ਦਰਜਨਾਂ ਲੜਾਕੂ ਜਹਾਜ਼ਾਂ ਦੀ ਵਰਤੋਂ ਕੀਤੀ ਗਈ। 946 ਨੇ ਕਿਹਾ, "ਇਸਰਾਈਲ 'ਤੇ ਹਮਲੇ ਦੀ ਕੀਮਤ ਚੁਕਾਉਣੀ ਪਵੇਗੀ। ਅਸੀਂ ਆਪਣੇ ਮਿਸ਼ਨ ਨੂੰ ਪੂਰਾ ਕੀਤਾ ਹੈ।" ਇਜ਼ਰਾਈਲ ਦੇ ਇਸ ਹਮਲੇ ਨੂੰ ਈਰਾਨ ਵੱਲੋਂ 1 ਅਕਤੂਬਰ ਨੂੰ ਕੀਤੇ ਗਏ ਹਵਾਈ ਹਮਲੇ ਦੇ ਬਦਲੇ ਵਜੋਂ ਦੇਖਿਆ ਜਾ ਰਿਹਾ ਹੈ। ਇਸ ਤੋਂ ਪਹਿਲਾਂ ਈਰਾਨ ਨੇ ਹਿਜ਼ਬੁੱਲਾ ਚੀਫ ਹਸਨ ਨਸਰੱਲਾ ਦੀ ਮੌਤ ਦਾ ਬਦਲਾ ਲੈਣ ਲਈ ਇਜ਼ਰਾਈਲ 'ਤੇ ਕਰੀਬ 200 ਰਾਕੇਟ ਦਾਗੇ ਸਨ, ਜਿਸ ਤੋਂ ਬਾਅਦ ਇਜ਼ਰਾਈਲ ਨੇ ਵੀ ਈਰਾਨ ਨੂੰ ਤਬਾਹ ਕਰਨ ਦੀ ਕਸਮ ਖਾਧੀ ਸੀ। ਆਈਡੀਐਫ ਦੇ ਬੁਲਾਰੇ ਡੇਨੀਅਲ ਹਗਾਰੀ ਨੇ ਕਿਹਾ, "ਹੁਣ ਇਜ਼ਰਾਈਲ ਨੂੰ ਈਰਾਨ ਵਿੱਚ ਵੀ ਕਾਰਵਾਈ ਕਰਨ ਦੀ ਆਜ਼ਾਦੀ ਮਿਲ ਗਈ ਹੈ। ਈਰਾਨ ਨੇ ਇਜ਼ਰਾਈਲ 'ਤੇ ਦੋ ਵਾਰ ਹਮਲਾ ਕੀਤਾ ਅਤੇ ਇਸ ਦੀ ਕੀਮਤ ਚੁਕਾਉਣੀ ਪਈ। ਅਸੀਂ ਗਾਜ਼ਾ ਅਤੇ ਲੇਬਨਾਨ ਵਿੱਚ ਜੰਗ 'ਤੇ ਧਿਆਨ ਕੇਂਦਰਿਤ ਕਰ ਰਹੇ ਸੀ, ਪਰ ਈਰਾਨ ਨੇ ਯੁੱਧ ਨੂੰ ਅੱਗੇ ਵਧਾ ਦਿੱਤਾ ਹੈ। ਇਜ਼ਰਾਇਲੀ ਫੌਜ ਨੇ ਈਰਾਨ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਉਹ ਜੰਗ ਦਾ ਨਵਾਂ ਦੌਰ ਸ਼ੁਰੂ ਕਰਦਾ ਹੈ ਤਾਂ ਉਸ ਨੂੰ ਭਾਰੀ ਕੀਮਤ ਚੁਕਾਉਣੀ ਪਵੇਗੀ। ਈਰਾਨ ਦੀ ਹਵਾਈ ਸੈਨਾ ਨੇ ਪੁਸ਼ਟੀ ਕੀਤੀ ਹੈ ਕਿ ਇਜ਼ਰਾਈਲੀ ਹਮਲੇ ਵਿੱਚ ਤਹਿਰਾਨ ਅਤੇ ਹੋਰ ਸ਼ਹਿਰਾਂ ਵਿੱਚ ਕਈ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ, ਜਿਸ ਨਾਲ ਕਾਫ਼ੀ ਨੁਕਸਾਨ ਹੋਇਆ।



## 10 ਵੱਡੇ ਹੋਟਲਾਂ 'ਚ ਬੰਬ, ਤੁਰੰਤ ਕਰਵਾਏ ਖਾਲੀ

**ਰਾਜਕੋਟ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਗੁਜਰਾਤ ਦੇ ਰਾਜਕੋਟ ਸ਼ਹਿਰ ਦੇ 10 ਵੱਡੇ ਹੋਟਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਸਾਰੇ ਹੋਟਲਾਂ ਨੂੰ ਤੁਰੰਤ ਖਾਲੀ ਕਰਵਾ ਲਿਆ ਗਿਆ। ਧਮਕੀ ਵਾਲੇ ਹੋਟਲਾਂ ਵਿਚ ਫਾਈਵ ਸਟਾਰ ਹੋਟਲ, ਇੰਪੀਰੀਅਲ ਪੈਲੇਸ, ਸਯਾਜੀ ਹੋਟਲ, ਕਾਵੇਰੀ ਭਾਭਾ, ਸੀਜ਼ਨਜ਼ ਹੋਟਲ ਅਤੇ ਗ੍ਰੈਂਡ ਰੀਜੈਂਸੀ ਸ਼ਾਮਲ ਹਨ। ਪੁਲਸ ਨੂੰ 12:45 ਵਜੇ ਧਮਕੀ ਭਰਿਆ ਮੇਲ ਮਿਲਿਆ ਸੀ, ਜਿਸ ਤੋਂ ਬਾਅਦ ਟੀਮ ਜਾਂਚ ਲਈ ਤੁਰੰਤ ਹੋਟਲ ਪਹੁੰਚੀ। ਹਾਲ ਹੀ 'ਚ ਫਲਾਈਟਾਂ ਵਿਚ ਵੀ ਬੰਬ ਹੋਣ ਦੀਆਂ ਧਮਕੀਆਂ ਮਿਲ ਰਹੀਆਂ ਸਨ ਅਤੇ ਹੁਣ ਹੋਟਲਾਂ 'ਚ ਵੀ ਅਜਿਹੀਆਂ ਧਮਕੀਆਂ ਸੁਣਨ ਨੂੰ ਮਿਲ ਰਹੀਆਂ ਹਨ। ਇਸ ਮਾਮਲੇ ਵਿੱਚ ਕਾਰਵਾਈ ਕਰਦਿਆਂ ਪੁਲਸ ਨੇ ਕ੍ਰਾਈਮ ਬ੍ਰਾਂਚ, ਐੱਸਓਜੀ, ਐੱਲਸੀਬੀ, ਸਥਾਨਕ ਪੁਲਸ, ਬੰਬ ਨਿਰੋਧਕ ਦਸਤੇ ਅਤੇ ਡਾਗ ਸਕੁਐਡ ਨੂੰ ਬੁਲਾਇਆ। ਸਾਰੀਆਂ ਟੀਮਾਂ ਨੇ ਹੋਟਲਾਂ ਦੀ ਤਲਾਸ਼ੀ ਲਈ ਪਰ ਹੁਣ ਤੱਕ ਕਿਸੇ ਵੀ ਹੋਟਲ ਵਿੱਚੋਂ ਕੋਈ ਸ਼ੱਕੀ ਚੀਜ਼ ਨਹੀਂ ਮਿਲੀ ਹੈ। ਫਿਲਹਾਲ ਪੁਲਸ ਇਸ ਧਮਕੀ ਭਰੇ ਮੇਲ ਦੇ ਸਰੋਤ ਦਾ ਪਤਾ ਲਗਾਉਣ ਲਈ ਜਾਂਚ ਕਰ ਰਹੀ ਹੈ। ਤਿਉਹਾਰ ਦੌਰਾਨ ਇਸ ਤਰ੍ਹਾਂ ਦੀਆਂ ਧਮਕੀਆਂ ਕਾਰਨ ਸ਼ਹਿਰ ਵਿੱਚ ਹਫੜਾ-ਦਫੜੀ ਦਾ ਮਾਹੌਲ ਬਣਿਆ ਹੋਇਆ ਹੈ।



## ਅੰਗਰੇਜ਼ਣਾਂ ਨੂੰ ਮਾਤ ਦੇ ਗਈ ਜਲੰਧਰ ਦੀ ਮੁਟੀਆਰ, ਐਵਾਰਡ ਜਿੱਤ ਪਵਾ 'ਤੇ ਭੰਗੜੇ

**ਜਲੰਧਰ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਰੇਚਲ ਗੁਪਤਾ ਨੇ ਸੁੰਦਰਤਾ ਮੁਕਾਬਲੇ 'ਚ ਭਾਰਤ ਲਈ ਇਤਿਹਾਸ ਰਚ ਦਿੱਤਾ ਹੈ। ਵਿਦੇਸ਼ 'ਚ ਮਿਸ ਗ੍ਰੈਂਡ ਇੰਟਰਨੈਸ਼ਨਲ ਦਾ ਖਿਤਾਬ ਜਿੱਤ ਕੇ ਰੇਚਲ ਨੇ ਦੇਸ਼ ਦਾ ਨਾਂ ਦੁਨੀਆ ਭਰ 'ਚ ਮਸ਼ਹੂਰ ਕੀਤਾ ਹੈ। ਰੇਚਲ ਨੇ ਫਾਈਨਲ 'ਚ ਫਿਲੀਪੀਨਜ਼ ਦੀ ਬਿਊਟੀ ਕੁਈਨ ਨੂੰ ਹਰਾਇਆ। ਪੰਜਾਬ ਦੇ ਜਲੰਧਰ ਦੀ ਰਹਿਣ ਵਾਲੀ ਰੇਚਲ ਨੇ ਬੈਂਕਾਕ 'ਚ ਹੋਏ ਇਸ ਮੁਕਾਬਲੇ 'ਚ ਮਿਸ ਗ੍ਰੈਂਡ ਇੰਟਰਨੈਸ਼ਨਲ ਦਾ ਖਿਤਾਬ ਜਿੱਤ ਕੇ ਦੇਸ਼ ਅਤੇ ਆਪਣੇ ਸੂਬੇ ਦਾ ਨਾਂ ਰੌਸ਼ਨ ਕੀਤਾ ਹੈ। ਇਸ ਮੁਕਾਬਲੇ ਦਾ ਫਾਈਨਲ ਬੀਤੇ ਸ਼ੁੱਕਰਵਾਰ ਨੂੰ ਹੋਇਆ। ਦੱਸ ਦੇਈਏ ਕਿ ਰੇਚਲ ਗੁਪਤਾ ਮਿਸ ਗ੍ਰੈਂਡ ਇੰਟਰਨੈਸ਼ਨਲ ਦਾ ਤਾਜ ਜਿੱਤਣ ਵਾਲੀ ਪਹਿਲੀ ਭਾਰਤੀ ਅਤੇ ਤੀਜੀ ਏਸ਼ਿਆਈ ਸੁੰਦਰੀ ਬਣ ਗਈ ਹੈ। ਇਸ ਮੁਕਾਬਲੇ 'ਚ ਰੇਚਲ ਨੇ ਫਿਲੀਪੀਨਜ਼ ਦੀ ਕ੍ਰਿਸਟੀਨ ਜੂਲੀਅਨ ਓਪੀਜਾ ਨੂੰ ਹਰਾਇਆ ਹੈ। ਇਸ ਦੇ ਨਾਲ ਹੀ ਮੁਕਾਬਲੇ 'ਚ ਮਿਆਂਮਾਰ ਦੀ ਥਾਈ ਸੂ ਨਈਨ, ਫਰਾਂਸ ਦੀ ਸਫੀਤੋ ਕਾਬੇਂਗਲੇ ਅਤੇ ਬ੍ਰਾਜ਼ੀਲ ਦੀ ਤਾਲਿਤਾ ਹਾਰਟਮੈਨ (ਤੀਜੇ, ਚੌਥੇ ਅਤੇ ਪੰਜਵੇਂ) ਸਥਾਨ 'ਤੇ ਰਹੀਆਂ। ਟਾਈਟਲ ਹੋਲਡਰ ਪੇਰੂ ਦੀ ਲੂਸੀਆਨਾ ਫੁਸਟਰ ਨੇ ਰੇਚਲ ਗੁਪਤਾ ਨੂੰ ਮਿਸ ਗ੍ਰੈਂਡ ਇੰਟਰਨੈਸ਼ਨਲ ਦਾ ਤਾਜ ਪਹਿਨਾਇਆ। ਦੱਸ ਦੇਈਏ ਕਿ ਇਸ ਮੁਕਾਬਲੇ ਤੋਂ ਪਹਿਲਾਂ ਰੇਚਲ ਨੇ ਪੈਰਿਸ 'ਚ ਸੁਪਰ ਟੇਲੈਂਟ ਆਫ ਦਾ ਵਰਲਡ ਐਵਾਰਡ ਜਿੱਤਿਆ ਸੀ। ਇਸ ਮੁਕਾਬਲੇ 'ਚ 60 ਦੇਸ਼ਾਂ ਦੀਆਂ 60 ਸੁੰਦਰੀਆਂ ਨੇ ਭਾਗ ਲਿਆ। ਸੁਪਰ ਟੈਲੇਂਟ ਆਫ ਦਿ ਵਰਲਡ ਮੁਕਾਬਲੇ 'ਚ ਰੇਚਲ ਨੇ ਪੋਲੈਂਡ ਦੀ ਵੇਰੋਨਿਕਾ ਨੋਵਾਕ ਨਾਲ ਇਹ ਐਵਾਰਡ ਸਾਂਝਾ ਕੀਤਾ। ਇਸ ਤੋਂ ਪਹਿਲਾਂ ਦਿੱਗਜ ਅਦਾਕਾਰਾ ਜ਼ੀਨਤ ਅਮਾਨ ਨੇ ਸਾਲ 1970 'ਚ ਸੁਪਰ ਟੈਲੇਂਟ ਆਫ ਦਾ ਵਰਲਡ ਦਾ ਖਿਤਾਬ ਜਿੱਤਿਆ ਸੀ। ਸਿਰਫ਼ 20 ਸਾਲ ਦੀ ਰੇਚਲ ਗੁਪਤਾ ਦਾ ਪਰਿਵਾਰ ਜਲੰਧਰ ਦੀ ਅਰਬਨ ਅਸਟੇਟ 'ਚ ਰਹਿੰਦਾ ਹੈ। ਮਿਸ ਗ੍ਰੈਂਡ ਇੰਟਰਨੈਸ਼ਨਲ 2024 ਦਾ ਖਿਤਾਬ ਜਿੱਤਣ ਤੋਂ ਪਹਿਲਾਂ ਰੇਚਲ ਗੁਪਤਾ ਨੇ ਮਿਸ ਗ੍ਰੈਂਡ ਇੰਡੀਆ 2024 ਦਾ ਤਾਜ ਜਿੱਤਿਆ ਸੀ ਅਤੇ ਫਿਰ ਮਿਸ ਗ੍ਰੈਂਡ ਇੰਟਰਨੈਸ਼ਨਲ 2024 'ਚ ਭਾਰਤ ਦੀ ਨੁਮਾਇੰਦਗੀ ਕੀਤੀ ਸੀ। 24 ਜਨਵਰੀ 2004 ਨੂੰ ਜਨਮੀ ਰੇਚਲ ਗੁਪਤਾ ਦਾ ਕੱਦ 5 ਫੁੱਟ 10 ਇੰਚ ਹੈ। 18 ਸਾਲ ਦੀ ਉਮਰ 'ਚ ਰੇਚਲ ਗੁਪਤਾ ਨੇ ਮਿਸ ਸੁਪਰਟੈਲੇਂਟ ਸੀਜ਼ਨ 15 'ਚ ਹਿੱਸਾ ਲਿਆ, ਜੋ ਕਿ 28 ਸਤੰਬਰ 2022 ਨੂੰ ਪੈਰਿਸ 'ਚ ਆਯੋਜਿਤ ਕੀਤਾ ਗਿਆ ਸੀ। ਜਦੋਂ ਕਿ ਮਈ 2024 'ਚ ਜੈਪੁਰ, ਰਾਜਸਥਾਨ 'ਚ ਰੇਚਲ ਗੁਪਤਾ ਨੂੰ ਮਿਸ ਗ੍ਰੈਂਡ ਇੰਡੀਆ 2024 ਚੁਣਿਆ ਗਿਆ ਸੀ। ਇਸ ਤੋਂ ਇਲਾਵਾ ਰੇਚਲ ਗੁਪਤਾ ਨੇ ਮਿਸ ਟੌਪ ਮਾਡਲ ਦਾ ਸਬਟਾਈਟਲ ਐਵਾਰਡ ਜਿੱਤਿਆ। ਰੇਚਲ ਨੇ ਰੈਂਪ ਵਾਕ 'ਚ ਬੈਸਟ ਮਾਡਲ, ਬਿਊਟੀ ਵਿਦ ਪਰਪਜ਼ ਅਤੇ ਬੈਸਟ ਨੈਸ਼ਨਲ ਕਾਸਟਿਊਮ ਦੇ ਐਵਾਰਡ ਜਿੱਤੇ ਹਨ। ਇਸ ਦੇ ਨਾਲ ਹੀ ਰੇਚਲ ਗੁਪਤਾ ਸੋਸ਼ਲ ਮੀਡੀਆ 'ਤੇ ਕਾਫੀ ਐਕਟਿਵ ਰਹਿੰਦੀ ਹੈ ਅਤੇ ਹਰ ਰੋਜ਼ ਆਪਣੀਆਂ ਖੂਬਸੂਰਤ ਤਸਵੀਰਾਂ ਸ਼ੇਅਰ ਕਰਦੀ ਰਹਿੰਦੀ ਹੈ। ਇੰਸਟਾਗ੍ਰਾਮ 'ਤੇ ਰਾਚੇਲ ਨੂੰ 1 ਮਿਲੀਅਨ ਤੋਂ ਵੱਧ ਪ੍ਰਸ਼ੰਸਕ ਫਾਲੋ ਕਰਦੇ ਹਨ।




## ਗੈਂਗਸਟਰ ਲਾਰੈਂਸ ਬਿਸ਼ਨੋਈ ਲੜੇਗਾ ਚੋਣ ? ਬਾਬਾ ਸਿੱਦੀਕੀ ਦੀ ਸੀਟ ਤੋਂ ਚੋਣ ਲੜਨ ਲਈ ਖ਼ਰੀਦਿਆ ਨਾਮਜ਼ਦਗੀ ਪੱਤਰ



**ਮੁੰਬਈ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਹਾਰਾਸ਼ਟਰ ਵਿਧਾਨ ਸਭਾ ਚੋਣਾਂ 2024 ਤੋਂ ਪਹਿਲਾਂ ਉੱਤਰੀ ਭਾਰਤੀ ਵਿਕਾਸ ਸੈਨਾ ਨਾਮ ਦੀ ਇੱਕ ਸਿਆਸੀ ਪਾਰਟੀ ਨੇ ਜੇਲ੍ਹ ਵਿੱਚ ਬੰਦ ਗੈਂਗਸਟਰ ਲਾਰੈਂਸ ਬਿਸ਼ਨੋਈ ਦੀ ਤਰਫੋਂ ਨਾਮਜ਼ਦਗੀ ਦਾਖਲ ਕਰਨ ਲਈ ਰਿਟਰਨਿੰਗ ਅਫਸਰ ਤੋਂ ਫਾਰਮ ਏ ਅਤੇ ਫਾਰਮ ਬੀ ਲਿਆ ਹੈ। ਜਾਣਕਾਰੀ ਮੁਤਾਬਕ ਉੱਤਰੀ ਭਾਰਤੀ ਵਿਕਾਸ ਸੈਨਾ ਦੇ ਨੇਤਾ ਸੁਨੀਲ ਸ਼ੁਕਲਾ ਬਾਂਦਰਾ ਪੱਛਮੀ ਵਿਧਾਨ ਸਭਾ ਹਲਕੇ ਤੋਂ ਹੋਣ ਵਾਲੀਆਂ ਚੋਣਾਂ ਲਈ ਲਾਰੈਂਸ ਬਿਸ਼ਨੋਈ ਦੀ ਤਰਫੋਂ ਨਾਮਜ਼ਦਗੀ ਕਾਗਜ਼ ਦਾਖਲ ਕਰਨਾ ਚਾਹੁੰਦੇ ਹਨ। ਉਨ੍ਹਾਂ ਕਿਹਾ, "ਉਹ ਫਾਰਮ 'ਤੇ ਲਾਰੈਂਸ ਬਿਸ਼ਨੋਈ ਦੇ ਦਸਤਖਤ ਹਾਸਲ ਕਰਨਗੇ ਤੇ ਚੋਣ ਲੜਨ ਲਈ ਆਪਣਾ ਹਲਫ਼ਨਾਮਾ ਤਿਆਰ ਕਰਨਗੇ।

**ਬਾਬਾ ਸਿੱਦੀਕੀ ਬਾਂਦਰਾ ਪੱਛਮੀ ਸੀਟ ਤੋਂ ਵਿਧਾਇਕ** : ਬਾਬਾ ਸਿੱਦੀਕੀ ਨੇ ਆਪਣੇ ਸਿਆਸੀ ਕਰੀਅਰ ਦੀ ਸ਼ੁਰੂਆਤ ਬਾਂਦਰਾ ਪੱਛਮੀ ਵਿਧਾਨ ਸਭਾ ਸੀਟ ਤੋਂ ਕੀਤੀ ਸੀ। ਉਹ ਇਸੇ ਇਲਾਕੇ ਤੋਂ ਵਿਧਾਇਕ ਸਨ। ਬਾਬਾ ਸਿੱਦੀਕੀ ਦੀ 12 ਅਕਤੂਬਰ 2024 ਦੀ ਰਾਤ ਨੂੰ ਬਾਂਦਰਾ ਈਸਟ ਵਿੱਚ ਉਨ੍ਹਾਂ ਦੇ ਬੇਟੇ ਦੇ ਦਫ਼ਤਰ ਦੇ ਸਾਹਮਣੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਇਸ ਕਤਲੇਆਮ ਦੀ ਜ਼ਿੰਮੇਵਾਰੀ ਲਾਰੈਂਸ ਬਿਸ਼ਨੋਈ ਗੈਂਗ ਦੇ ਮੈਂਬਰ ਸ਼ਿਬੂ ਲੋਨਕਰ ਨੇ ਲਈ ਸੀ।

ਉੱਤਰੀ ਭਾਰਤੀ ਵਿਕਾਸ ਸੈਨਾ ਪਾਰਟੀ ਨੇ ਇਹ ਵੀ ਦਾਅਵਾ ਕੀਤਾ ਕਿ ਜੇ ਲਾਰੈਂਸ ਬਿਸ਼ਨੋਈ ਸਹਿਮਤੀ ਦਿੰਦੇ ਹਨ ਤਾਂ 50 ਉਮੀਦਵਾਰਾਂ ਦੀ ਸੂਚੀ ਜਲਦੀ ਹੀ ਐਲਾਨ ਦਿੱਤੀ ਜਾਵੇਗੀ। ਗੁਜਰਾਤ ਦੀ ਸਾਬਰਮਤੀ ਸੈਂਟਰਲ ਜੇਲ 'ਚ ਬੰਦ ਬਿਸ਼ਨੋਈ ਅਜੀਤ ਪਵਾਰ ਦੀ ਅਗਵਾਈ ਵਾਲੇ NCP ਨੇਤਾ ਬਾਬਾ ਸਿੱਦੀਕੀ ਦੀ ਹੱਤਿਆ ਅਤੇ ਬਾਲੀਵੁੱਡ ਅਭਿਨੇਤਾ ਸਲਮਾਨ ਖਾਨ ਨੂੰ ਧਮਕੀ ਦੇਣ ਤੋਂ ਬਾਅਦ ਸੁਰਖੀਆਂ 'ਚ ਹੈ। ਬਾਂਦਰਾ ਪੱਛਮੀ ਵਿਧਾਨ ਸਭਾ ਹਲਕਾ ਹਮੇਸ਼ਾ ਹੀ ਗਰਮ ਸੀਟ ਰਿਹਾ ਹੈ। ਮਹਾਰਾਸ਼ਟਰ ਵਿੱਚ 20 ਨਵੰਬਰ ਨੂੰ ਇੱਕੋ ਪੜਾਅ ਵਿੱਚ ਚੋਣਾਂ ਹੋਣਗੀਆਂ, ਜਦੋਂ ਕਿ ਵੋਟਾਂ ਦੀ ਗਿਣਤੀ 23 ਨਵੰਬਰ ਨੂੰ ਹੋਵੇਗੀ। ਮਹਾਰਾਸ਼ਟਰ ਵਿੱਚ ਸੱਤਾਧਾਰੀ ਮਹਾਯੁਤੀ ਗਠਜੋੜ ਜਿਸ ਵਿੱਚ ਏਕਨਾਥ ਸ਼ਿੰਦੇ ਦੀ ਅਗਵਾਈ ਵਾਲੀ ਸ਼ਿਵ ਸੈਨਾ, ਭਾਜਪਾ ਅਤੇ ਅਜੀਤ ਪਵਾਰ ਦੀ ਅਗਵਾਈ ਵਾਲੀ ਐਨਸੀਪੀ ਸ਼ਾਮਲ ਹੈ, ਦਾ ਸਿੱਧਾ ਮੁਕਾਬਲਾ ਕਾਂਗਰਸ, ਸ਼ਿਵ ਸ਼ਿਵ ਸੈਨਾ (ਯੂਬੀਟੀ) ਅਤੇ ਸ਼ਰਦ ਪਵਾਰ ਦੀ ਅਗਵਾਈ ਵਾਲੀ ਵਿਰੋਧੀ ਮਹਾਂ ਵਿਕਾਸ ਅਗਾੜੀ (ਐਮਵੀਏ) ਨਾਲ ਹੋਵੇਗਾ।

## ਲੁਧਿਆਣਾ 'ਚ ਕੂੜੇ ਦੇ ਡੰਪ ਨੂੰ ਲੱਗੀ ਭਿਆਨਕ ਅੱਗ, ਮੌਕੇ 'ਤੇ ਪਹੁੰਚੀਆਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ, ਧੂੰਏਂ ਕਰਕੇ ਲੋਕ ਪ੍ਰੇਸ਼ਾਨ



**ਲੁਧਿਆਣਾ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਤੋਂ ਵੱਡੀ ਖਬਰ ਨਿਕਲ ਕੇ ਆ ਰਹੀ ਹੈ। ਜੀ ਹਾਂ ਮਿਲੀ ਜਾਣਕਾਰੀ ਅਨੁਸਾਰ ਲੁਧਿਆਣਾ ਦੇ ਤਾਜਪੁਰ ਰੋਡ 'ਤੇ ਸਥਿਤ ਕਰੀਬ ਇੱਕ ਕਿਲੋਮੀਟਰ ਦੇ ਖੇਤਰ ਵਿੱਚ ਫੈਲੇ ਕੂੜੇ ਦੇ ਡੰਪ ਨੂੰ ਭਿਆਨਕ ਅੱਗ ਲੱਗ ਗਈ ਹੈ। ਅੱਗ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ ਉੱਤੇ ਪਹੁੰਚ ਗਈਆਂ ਅਤੇ ਅੱਗ ਉੱਤੇ ਕਾਬੂ ਪਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ। ਦੱਸਿਆ ਜਾ ਰਿਹਾ ਹੈ ਕਿ ਅੱਗ ਬਹੁਤ ਹੀ ਭਿਆਨਕ ਲੱਗੀ ਹੋਈ ਹੈ। ਫਾਇਰ ਕਰਮੀ ਜਗਦੀਪ ਸਿੰਘ ਨੇ ਦੱਸਿਆ ਕਿ ਕੂੜੇ ਵਿੱਚੋਂ ਲੋਹਾ ਚੁੱਕਣ ਵਾਲੇ ਮਜ਼ਦੂਰਾਂ ਨੇ ਇਸ ਨੂੰ ਅੱਗ ਲਗਾ ਦਿੱਤੀ ਤਾਂ ਜੋ ਉਹ ਆਸਾਨੀ ਨਾਲ ਲੋਹਾ ਇਕੱਠਾ ਕਰ ਸਕਣ, ਫਿਲਹਾਲ ਕਿਸੇ ਜਾਨੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ ਪਰ ਆਸ-ਪਾਸ ਦੇ ਲੋਕਾਂ ਨੂੰ ਧੂੰਆਂ ਹੋਣ ਕਰਕੇ ਸਾਹ ਲੈਣ ਵਿੱਚ ਜ਼ਰੂਰ ਮੁਸ਼ਕਲ ਆ ਰਹੀ ਹੈ। ਦੱਸ ਦੇਈਏ ਕਿ ਇਸ ਕੂੜੇ ਦੇ ਡੰਪ ਨੂੰ ਅਕਸਰ ਅੱਗ ਲੱਗ ਜਾਂਦੀ ਹੈ। ਗਰਮੀਆਂ 'ਚ ਪਹਿਲਾਂ ਮੀਥੇਨ ਗੈਸ ਲੀਕ ਹੋਣ ਕਾਰਨ ਅੱਗ ਲੱਗ ਜਾਂਦੀ ਸੀ ਪਰ ਇਸ ਵਾਰ ਫਾਇਰ ਕਰਮੀਆਂ ਅਨੁਸਾਰ ਅੱਗ ਲੇਬਰ ਵੱਲੋਂ ਲਗਾਈ ਗਈ ਜਾਪਦੀ ਹੈ। ਇਨ੍ਹੀਂ ਦਿਨੀਂ ਜਿੱਥੇ ਕਿਸਾਨਾਂ ਵੱਲੋਂ ਪਰਾਲੀ ਸਾੜਨ ਨਾਲ ਹੋਣ ਵਾਲੇ ਪ੍ਰਦੂਸ਼ਣ ਨਾਲ ਇੱਥੋਂ ਦੇ ਲੋਕ ਜੂਝ ਰਹੇ ਹਨ, ਉੱਥੇ ਹੀ ਕੂੜੇ ਦੇ ਢੇਰਾਂ ਨੂੰ ਅੱਗ ਲੱਗਣ ਕਾਰਨ ਫੈਲੇ ਧੂੰਏਂ ਕਾਰਨ ਪ੍ਰਦੂਸ਼ਣ ਦਾ ਪੱਧਰ ਵੀ ਵੱਧਦਾ ਨਜ਼ਰ ਆ ਰਿਹਾ ਹੈ, ਇਹ ਮਾਮਲਾ ਇੱਥੇ ਹੀ ਖਤਮ ਨਹੀਂ ਹੁੰਦਾ ਸਗੋਂ ਪ੍ਰਦੂਸ਼ਣ ਦੀ ਸਮੱਸਿਆ ਵੱਧਦੀ ਜਾ ਰਹੀ ਹੈ। ਦੀਵਾਲੀ ਦੇ ਤਿਉਹਾਰ ਦੌਰਾਨ ਇਹ ਪੱਧਰ ਆਪਣੇ ਸਿਖਰ 'ਤੇ ਰਹੇਗਾ, ਜਿਸ ਕਾਰਨ ਆਮ ਜਨਜੀਵਨ ਪ੍ਰਭਾਵਿਤ ਹੋਵੇਗਾ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ



ਸ੍ਰੀ ਅਕਾਲ ਤਖ਼ਤ ਸਾਹਿਬ | ਤਖ਼ਤ ਸ੍ਰੀ ਪਟਨਾ ਸਾਹਿਬ | ਤਖ਼ਤ ਸ੍ਰੀ ਕੇਸਗੜ੍ਹ ਸਾਹਿਬ | ਤਖ਼ਤ ਸ੍ਰੀ ਦਮਦਮਾ ਸਾਹਿਬ | ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੁਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

**ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।**

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net

ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian

Jalandhar-Amritsar G.T. Road

NEAR JANDIALA GURU

Contact

98610-00057, 99152-32757



We Accept Online & Card Payment

ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

www.damdamitaksal.net

ਮੁਕਤਾ, ਕੰਨਾ, ਸਿਹਾਰੀ, ਬਿਹਾਰੀ

ਔਂਕੜ, ਦੁਲੈਂਕੜ, ਲਾਂ, ਦੁਲਾਵਾਂ

ਹੋੜਾ, ਕਨੌੜਾ, ਟਿੱਪੀ, ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715-128621


DHAN DHAN SRI GURU NANAK DEV JI'S PARKASH PURAB
SANDWELL
NAGAR KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.00 ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.00 ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.00 ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.00 ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੋਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.00 ਵਜੇ
ਸਮੈਦਿਕ
ਆਵਾਜ਼ਿ ਕੌਮ AWAZE QAUM International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
ਗੁਰੂ ਹਰਿਰਾਇ
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 28ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਬਰਾਂ ਦੇ ਹਾਈ ਕੋਰਟ)

ਮਿਤੀ 3 ਨਵੰਬਰ 2024 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

**1 ਨਵੰਬਰ 2024 ਦਿਨ ਸ਼ੁੱਕਰਵਾਰ**
ਲੜੀ ਅਰੰਭ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**3 ਨਵੰਬਰ 2024 ਦਿਨ ਐਤਵਾਰ ਨੂੰ**
ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ।

ਬੇਨਤੀ ਕਰਤਾ :-



**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**
ਦਮਦਮੀ ਟਕਸਾਲ ਭਿੰਡਰਾਂਵਾਲੇ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ
ਪ੍ਰਧਾਨ ਸੰਤ ਸਮਾਜ ਭਾਈ ਲਾਲੋ ਜੀ
ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)





ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਭਾਈ ਮੇਜਰ ਸਿੰਘ ਹੁਣਾਂ ਵੱਲੋਂ ਲਈ ਗਈ ਹੈ।

# ਮਹਾਨ ਗੁਰਮਤਿ ਸਮਾਗਮ

☛ ਜੋਤੀ ਜੋਤ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ☛ ਗੁਰਤਾ ਗੱਦੀ ਦਿਵਸ ਧੰਨ ਸ਼੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ☛ ਜਨਮ ਦਿਵਸ ਬਾਬਾ ਬੁੱਢਾ ਸਾਹਿਬ ਜੀ ਕੱਥੂਨੰਗਲ ਅੰਮ੍ਰਿਤਸਰ ਸਾਹਿਬ ਜੀ ☛ ਜਨਮ ਦਿਵਸ ਬਾਬਾ ਬੰਦਾ ਸਿੰਘ ਬਹਾਦਰ ਪਿੰਡ ਰਾਜੌਰੀ ਜੰਮੂ ☛ ਜਨਮ ਦਿਵਸ ਪਿਆਰੇ ਭਾਈ ਧਰਮ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 26 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 27 ਅਕਤੂਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਸੁਖਬੀਰ ਸਿੰਘ ਰਾਣੀਪੁਰ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਸੇਵਕ ਕੀ ਓੜਕਿ ਨਿਬਹੀ ਪ੍ਰੀਤਿ ॥
ਜੀਵਤ ਸਾਹਿਬੁ ਸੇਵਿਓ ਅਪਨਾ ਚਲਤੇ ਰਾਖਿਓ ਚੀਤਿ ॥
ਭੋਗ ਤੇ ਅੰਤਿਮ ਅਰਦਾਸ
ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ
ਭਾਈ ਗੁਰਪ੍ਰੀਤ ਸਿੰਘ ਹਰੀ ਨੌਂ
ਅਕਾਲ ਪੁਰਖ ਵਲੋ ਬਖਸ਼ੀ ਸੁਆਸਾ ਦੀ ਪੂੰਜੀ ਨੂੰ ਭੋਗਦੇ ਹੋਏ 9 ਅਕਤੂਬਰ 2024 ਨੂੰ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਤੀ ਲਈ ਰੱਖੇ ਗਏ
ਸਹਿਜ ਪਾਠ ਦਾ ਭੋਗ ਤੇ ਅੰਤਿਮ ਅਰਦਾਸ
ਮਿਤੀ 27 ਅਕਤੂਬਰ 2024, ਦਿਨ ਐਤਵਾਰ ਨੂੰ
ਗੁਰਦੁਆਰਾ ਸਾਹਿਬ ਬਾਬਾ ਭਾਈ ਸਾਂਈ ਦਾਸ ਜੀ, ਪਿੰਡ ਹਰੀ ਨੌ ਵਿਖੇ 1 ਵਜੇ ਹੋਵੇਗੀ।
ਸਮੂਹ ਪੰਥਕ ਜਥੇਬੰਦੀਆਂ, ਦੋਸਤਾਂ ਮਿੱਤਰਾਂ, ਰਿਸ਼ਤੇਦਾਰਾਂ ਨੂੰ ਅੰਤਿਮ ਅਰਦਾਸ ਵਿੱਚ ਪਹੁੰਚਣ ਦੀ ਪੁਰ-ਜ਼ੋਰ ਬੇਨਤੀ ਕੀਤੀ ਜਾਂਦੀ ਹੈ।
ਬੇਨਤੀ ਕਰਤਾ
ਸਮੂਹ ਪਰਿਵਾਰ ਅਤੇ ਰਿਸ਼ਤੇਦਾਰ
+91 90238 24760 | +91 98725 27802
ਅੰਤਿਮ ਅਰਦਾਸ ਉਪਰੰਤ ਭਾਈ ਗੁਰਪ੍ਰੀਤ ਸਿੰਘ ਹਰੀ ਨੌ ਦੀਆਂ ਅਸਥੀਆਂ ਕਾਫਲੇ ਦੇ ਰੂਪ ਵਿੱਚ ਗੁਰਦੁਆਰਾ ਸਾਹਿਬ ਗ੍ਰੀਨ ਐਵਨਿਊ, ਫ਼ਰੀਦਕੋਟ ਵਿਖੇ ਜਲ ਪ੍ਰਵਾਹ ਕੀਤੀਆਂ ਜਾਣਗੀਆਂ।
ਆਵਾਜ਼ਿ ਕੌਮ AWAZE QAUM
International Newspaper & WEB TV

# ਸਿਦਕੀ ਸਿੱਖ ਸ਼ਹੀਦ ਸ: ਦਰਸ਼ਨ ਸਿੰਘ ਫੇਰੂਮਾਨ ਦੀ ਕੁਰਬਾਨੀ ਨੂੰ ਯਾਦ ਕਰਦਿਆਂ

## 27 ਅਕਤੂਬਰ ਸ਼ਹੀਦੀ 'ਤੇ ਵਿਸ਼ੇਸ਼



**ਸਿੱਖੀ ਸਿਦਕ**, ਸਬਰ ਤੇ ਸਿਰੜ ਨੂੰ ਤੋੜ ਨਿਭਾਉਣ ਵਾਲੇ ਸਿੱਖ ਆਗੂ ਸ। ਦਰਸ਼ਨ ਸਿੰਘ ਫੇਰੂਮਾਨ ਆਪਣੇ ਕੀਤੇ ਪ੍ਰਣ ਨੂੰ ਨਿਭਾਉਣ ਵਾਲੇ ਮਰਜੀਵੜੇ ਸਨ।ਆਪ ਵੀਹਵੀਂ ਸਦੀ ਦੇ ਉਨ੍ਹਾਂ ਸਿੱਖ ਆਗੂਆਂ ਵਿੱਚੋਂ ਇਕ ਸਨ, ਜਿਨ੍ਹਾਂ ਜੋ ਕਿਹਾ, ਉਸ ਨੂੰ ਪੂਰਾ ਕੀਤਾ। ਸ. ਦਰਸ਼ਨ ਸਿੰਘ ਫੇਰੂਮਾਨ ਨੇ ਆਪਣੀ ਇਸ ਕਾਇਆ ਦਾ ਬਲੀਦਾਨ ਦੇ ਕੇ ਸਮੁੱਚੇ ਪੰਜਾਬੀਆਂ ਅਤੇ ਸਿੱਖ ਜਗਤ ਤੋਂ ਭਰਪੂਰ ਸਤਿਕਾਰ ਪ੍ਰਾਪਤ ਕੀਤਾ। ਇਸ ਮਹਾਨ ਬਲੀਦਾਨੀ ਦਾ ਜਨਮ ਪਹਿਲੀ ਅਗਸਤ 1885 ਈ: ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਫੇਰੂਮਾਨ ਵਿੱਚ ਸ। ਚੰਦਾ ਸਿੰਘ ਅਤੇ ਮਾਤਾ ਚੰਦ ਕੌਰ ਦੇ ਗ੍ਰਹਿ ਵਿਖੇ ਹੋਇਆ।

ਸ. ਦਰਸ਼ਨ ਸਿੰਘ ਦੱਸਵੀਂ ਦਾ ਇਮਤਿਹਾਨ ਪਾਸ ਕਰਨ ਪਿੱਛੋਂ 1912 ਈ: ਵਿੱਚ ਭਾਰਤੀ ਅੰਗ੍ਰੇਜ਼ੀ ਫੌਜ ਵਿੱਚ ਭਰਤੀ ਹੋ ਗਏ। ਪਰ ਫੌਜ ਦੀ ਨੌਕਰੀ ਕੇਵਲ 2 ਕੁ ਸਾਲ ਕਰਨ ਤੋਂ ਬਾਅਦ ਹਿਸਾਰ (ਮੌਜੂਦਾ ਹਰਿਆਣਾ) ਵਿਖੇ ਰਹਿ ਕੇ ਠੇਕੇਦਾਰੀ ਕਰਨੀ ਸ਼ੁਰੂ ਕੀਤੀ। ਜਦੋਂ 1920 ਵਿੱਚ ਸੰਪੂਰਨ ਰੂਪ ਵਿੱਚ ਗੁਰਦੁਆਰਾ ਸੁਧਾਰ ਲਹਿਰ ਦਾ ਸਿਖ਼ਰ ਸੀ, ਆਪ ਸਿੱਖ ਸੰਘਰਸ਼ ਵਿੱਚ ਕੁੱਦ ਪਏ। 1921 ਈ: ਵਿੱਚ ਚਾਬੀਆਂ ਦੇ ਮੋਰਚੇ ਦੌਰਾਨ ਗ੍ਰਿਫਤਾਰ ਕੀਤਾ ਗਿਆ। ਇਸ ਸੰਘਰਸ਼ ਦੌਰਾਨ ਉਨ੍ਹਾਂ ਨੂੰ ਇਕ ਸਾਲ ਦੀ ਕੈਦ ਕੱਟਣੀ ਪਈ। ਇਸ ਤੋਂ ਬਾਅਦ ਦਸੰਬਰ, 1924 ਈ: ਵਿੱਚ ਜਦੋਂ ਜੈਤੋਂ ਦਾ ਮੋਰਚਾ ਆਪਣੀ ਸਿਖਰ 'ਤੇ ਸੀ, ਸਿੱਖ ਧੜਾ ਧੜ ਗ੍ਰਿਫਤਾਰੀਆਂ ਦੇ ਰਹੇ ਸਨ ਤਾਂ ਸ: ਦਰਸ਼ਨ ਸਿੰਘ ਫੇਰੂਮਾਨ ਨੂੰ 14ਵੇਂ ਜਥੇਦਾਰ ਥਾਪਿਆ ਗਿਆ। ਜਥੇ ਦੀ ਗ੍ਰਿਫਤਾਰੀ ਤੋਂ ਪਿੱਛੋਂ ਉਨ੍ਹਾਂ ਨੂੰ 10 ਮਹੀਨੇ ਦੀ ਕੈਦ ਕੱਟਣੀ ਪਈ। ਇਸ ਤੋਂ ਬਾਅਦ ਦੇਸ਼ ਦੀ ਅਜ਼ਾਦੀ ਲਈ ਚੱਲ ਰਹੇ ਸੰਘਰਸ਼ ਦੇ ਦੌਰਾਨ ਨਾ ਮਿਲ-ਵਰਤਣ ਲਹਿਰ ਵਿੱਚ ਸ਼ਾਮਿਲ ਹੋ ਕੇ ਮੁੜ 14 ਮਹੀਨੇ ਸਖ਼ਤ ਕੈਦ ਕੱਟਣੀ ਪਈ।

1926 ਈ: ਵਿੱਚ ਆਪ ਮਲਾਇਆ ਚਲੇ ਗਏ, ਉਥੇ ਵੀ ਸੰਘਰਸ਼ ਨੂੰ ਮੱਠਾ ਨਹੀਂ ਪੈਣ ਦਿੱਤਾ। ਫਿਰ ਗ੍ਰਿਫਤਾਰ ਕਰ ਲਿਆ ਗਿਆ। ਜੇਲ੍ਹ ਵਿੱਚ ਸਿੱਖੀ ਦੇ ਕਕਾਰਾਂ ਦਾ ਅੰਗ ਕਛਹਿਰਾ ਪਹਿਨਣ ਦਾ ਹੱਕ ਪ੍ਰਾਪਤ ਕਰਨ ਲਈ 21 ਦਿਨ ਲਗਾਤਾਰ ਭੁੱਖ ਹੜਤਾਲ ਕੀਤੀ। ਆਪਣੀ ਗੱਲ ਨੂੰ ਮੰਨਵਾ ਕੇ ਹੀ ਭੁੱਖ ਹੜਤਾਲ ਖ਼ਤਮ ਕੀਤੀ। ਇਸ ਤੋਂ ਪਿੱਛੋਂ ਜਦੋਂ ਦੇਸ਼ ਪਰਤੇ, ਅਜ਼ਾਦੀ ਦੀ ਲਹਿਰ ਲਈ ਚੱਲ ਰਹੇ ਸੰਘਰਸ਼ ਤਹਿਤ ਕਾਂਗਰਸ ਵੱਲੋਂ ਚਲਾਈ ਸਿਵਲ-ਨਾ ਫੁਰਮਾਨੀ ਲਹਿਰ ਤੇ ਭਾਰਤ ਛੱਡੋ ਅੰਦੋਲਨ ਵਿੱਚ ਭਰਪੂਰ ਯੋਗਦਾਨ ਪਾਇਆ।

-ਭਗਵਾਨ ਸਿੰਘ ਜੌਹਲ
bhagwansinghjohal@gmail.com



ਕਾਂਗਰਸ ਪਾਰਟੀ ਵੱਲੋਂ ਨਾਮਜ਼ਦਗੀ ਪ੍ਰਾਪਤ ਕਰਕੇ ਆਪ ਰਾਜ ਸਭਾ ਦੇ ਮੈਂਬਰ ਪਾਰਲੀਮੈਂਟ ਵੀ ਰਹੇ। ਪਰ ਕਾਂਗਰਸ ਪਾਰਟੀ ਨਾਲ ਮੱਤਭੇਦ ਹੋਣ ਕਰਕੇ ਕਾਂਗਰਸ ਛੱਡ ਕੇ ਸੁਤੰਤਰ ਪਾਰਟੀ ਵਿੱਚ ਸ਼ਾਮਿਲ ਹੋ ਗਏ। ਪੰਜਾਬ ਵਿੱਚ ਸੁਤੰਤਰ ਪਾਰਟੀ ਦੇ ਪ੍ਰਚਾਰ ਲਈ ਲਗਾਤਾਰ ਯਤਨਸ਼ੀਲ ਰਹੇ। ਇਸ ਪਾਰਟੀ ਦੇ ਮੋਢੀ ਆਗੂ ਵਜੋਂ ਰਾਤ-ਦਿਨ ਇਕ ਕਰਕੇ ਸਖਤ ਮਿਹਨਤ ਕੀਤੀ। ਜਦੋਂ ਭਾਰਤੀ ਸਰਕਾਰ ਵੱਲੋਂ ਪੰਜਾਬੀ ਸੂਬੇ ਦੀ ਮੰਗ ਮਨ ਲਈ ਗਈ, ਪਰ ਪੰਜਾਬੀ ਬੋਲਦੇ ਇਲਾਕੇ ਅਤੇ ਚੰਡੀਗੜ੍ਹ ਨੂੰ ਪੰਜਾਬ ਤੋਂ ਬਾਹਰ ਰਹਿਣ ਦਿੱਤਾ ਗਿਆ। ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿੱਚ ਸ਼ਾਮਿਲ ਕਰਵਾਉਣ ਲਈ ਉਸ ਸਮੇਂ ਦੇ ਅਕਾਲੀ ਆਗੂਆਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਕੀਤੀ ਅਰਦਾਸ ਤੋਂ ਵਾਰ-ਵਾਰ ਮੂੰਹ ਫੇਰਿਆ ਗਿਆ ਤਾਂ ਇਨ੍ਹਾਂ ਘਟਨਾਵਾਂ ਨਾਲ ਇਸ ਸਿਦਕੀ ਅਤੇ ਕਹਿਣੀ ਤੇ ਕਰਣੀ ਦੇ ਸੂਰੇ ਤੇ ਪੂਰੇ ਸਿੱਖ ਦੇ ਹਿਰਦੇ ਨੂੰ ਡੂੰਘੀ ਸੱਟ ਵੱਜੀ। ਸਿੱਖ ਅਰਦਾਸ ਵਿੱਚ ਸ਼ਾਮਿਲ ਸਿਦਕ ਤੇ ਸਿਰੜ ਨੂੰ ਨਿਭਾਉਣ ਵਾਲੇ ਸਿੱਖਾਂ ਦੀ ਹੁੰਦੀ ਬੇਹੁਰਮਤੀ ਸਹਾਰੀ ਨਾ ਗਈ। ਇਸ ਸਿਦਕੀ ਸਿੱਖ ਨੇ 15 ਅਗਸਤ, 1969 ਈ: ਨੂੰ ਮਰਨ ਵਰਤ ਆਰੰਭ ਕਰ ਦਿੱਤਾ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਅਤੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿੱਚ ਸ਼ਾਮਿਲ ਕਰਨ ਦੀ ਮੰਗ ਪੂਰੀ ਹੋਣ ਤੱਕ ਭੁੱਖੇ ਰਹਿਣ ਦੇ ਸੰਕਲਪ ਲਈ ਕੀਤੀ ਅਰਦਾਸ ਨੂੰ ਅਤੇ ਕੀਤੇ ਪ੍ਰਣ ਨੂੰ ਜ਼ਿੰਦਗੀ ਦੀ ਡੋਰ ਟੁੱਟਣ ਤੱਕ ਨਿਭਾਵਾਂਗਾ।

ਇਸ ਮਹਾਨ ਸਿਦਕੀ ਸਿੱਖ ਨੇ ਆਪਣੇ ਪ੍ਰਣ ਨੂੰ ਨਿਭਾਉਣ ਲਈ ਅਤੇ ਕੀਤੀ ਅਰਦਾਸ 'ਤੇ ਕਾਇਮ ਰਹਿਣ ਲਈ ਲਗਾਤਾਰ 74 ਦਿਨ ਤੱਕ ਭੁੱਖੇ ਰਹਿ ਕੇ 17 ਅਕਤੂਬਵਰ, 1969 ਨੂੰ ਆਪਣਾ ਬਲੀਦਾਨ ਦਿੱਤਾ। ਅੱਜ ਅਧੀ ਸਦੀ ਬੀਤ ਜਾਣ ਤੋਂ ਬਾਅਦ ਵੀ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨਾਲ ਕੀਤਾ ਧੱਕਾ ਹਕੂਮਤ ਨੂੰ ਪੁੱਛਦਾ ਹੈ, ਅਜੇ ਹੋਰ ਕਿੰਨੀਆਂ ਕੁ ਕੁਰਬਾਨੀਆਂ ਦੀ ਲੋੜ ਹੈ।

## ਹਠੂਰ ਦੇ ਕੀਰਤਨ ਸਿੱਖਣ ਵਾਲੇ ਅਤੇ ਗੁਰਬਾਣੀ ਸੰਥਿਆ ਜਾਂ ਗੱਤਕਾ ਖੇਡਣ ਵਾਲੇ ਬੱਚਿਆਂ ਨੂੰ ਫ੍ਰੀ ਟਿਊਸ਼ਨ

# ਪਿਛਲੇ ਅੱਠ ਨੌ ਸਾਲਾਂ ਤੋਂ ਚੱਲ ਰਹੀਆਂ ਸੇਵਾਵਾਂ : ਹਰਪ੍ਰੀਤ ਸਿੰਘ ਖਾਲਸਾ





**ਜਗਰਾਉਂ, (ਵਰਿਆਮ ਹਠੂਰ)**-ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਕਸਬਾ ਹਠੂਰ ਦੀ ਭਾਗਾਂ ਭਰੀ ਧਰਤੀ ਤੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਨੌਜਵਾਨ ਸਿੰਘਾਂ, ਐੱਨ ਆਰ ਆਈ ਵੀਰ ਗੁਰਜਿੰਦਰ ਸਿੰਘ ਅਮਰੀਕਾ ਦੇ ਉਪਰਾਲੇ ਸਦਕਾ ਕਸਬਾ ਹਠੂਰ ਦੇ ਜ਼ੋ ਬੱਚੇ ਕੀਰਤਨ ਸਿੱਖਦੇ ਹਨ ਅਤੇ ਗੁਰਬਾਣੀ ਸੰਥਿਆ ਜਾਂ ਗੱਤਕਾ ਖੇਡਦੇ ਹਨ। ਉਨ੍ਹਾਂ ਨੂੰ ਗੁਰਮਤਿ ਦੀ ਸਿੱਖਿਆ ਦੇ ਨਾਲ ਨਾਲ ਬਿਲਕੁਲ ਫ੍ਰੀ ਟਿਊਸ਼ਨ ਪੜ੍ਹਾਈ ਜਾਂਦੀ ਹੈ। ਜਾਣਕਾਰੀ ਦਿੰਦਿਆਂ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਹਰਪ੍ਰੀਤ ਸਿੰਘ ਖਾਲਸਾ ਨੇ ਕਿਹਾ ਕਿ ਇਹ ਸੇਵਾਵਾਂ ਪਿਛਲੇ ਅੱਠ ਨੌਂ ਸਾਲਾਂ ਤੋਂ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਮੂਹ ਨਗਰ ਨਿਵਾਸੀਆਂ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਸਦਕਾ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਵੱਲੋਂ ਨੌਜਵਾਨਾਂ ਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣਾਉਣ ਲਈ ਸਲਾਨਾ ਨਗਰ ਵਿਚ ਗੱਤਕਾ ਕੱਪ ਕਰਵਾਇਆ ਜਾਂਦਾ ਹੈ। ਜਿਸ ਵਿੱਚ ਪੰਜਾਬ ਦੇ ਨਾਮਵਰ ਗੱਤਕਾ ਅਖਾੜਿਆਂ ਦੀ ਸ਼ਮੂਲੀਅਤ ਹੁੰਦੀ ਹੈ। ਤੇ ਗੱਤਕਾ ਅਖਾੜਾ ਦੀਆਂ ਟੀਮਾਂ ਗੱਤਕੇ ਦੇ ਜੌਹਰ ਵਿਖਾਉਂਦੀ ਹਨ। ਤੇ ਜੇਤੂ ਟੀਮਾਂ ਨੂੰ ਵੱਡੇ ਇਨਾਮਾਂ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ। ਗੁਰੂ ਸਾਹਿਬ ਦੀ ਕਿਰਪਾ ਸਦਕਾ ਅਜਿਹੇ ਉਪਰਾਲੇ ਜਾਰੀ ਰਹਿਣਗੇ ਅੰਤ ਵਿੱਚ ਹਰਪ੍ਰੀਤ ਸਿੰਘ ਖਾਲਸਾ ਨੇ ਕਿਹਾ ਕਿ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਪੰਜਾਬ ਦੇ ਵੱਖ ਵੱਖ ਹਿੱਸਿਆਂ ਅਤੇ ਹੋਰ ਥਾਵਾਂ ਤੇ ਗੱਤਕੇ ਦੇ ਜੌਹਰ ਵਿਖਾ ਕੇ ਲਗਾਤਾਰ ਸਨਮਾਨਿਤ ਹੋ ਰਿਹਾ ਹੈ। ਜਿਸ ਕਰਕੇ ਨੌਜਵਾਨਾਂ ਨੂੰ ਸਿੱਖੀ ਦਾ ਜਾਗ ਲੱਗ ਰਿਹਾ ਹੈ ਤੇ ਨੌਜਵਾਨ ਗੱਤਕਾ ਸਿੱਖਣ ਅਤੇ ਬੱਚੇ, ਭੈਣਾਂ ਗੁਰਬਾਣੀ ਦੀ ਸੰਥਿਆ ਅਤੇ ਕੀਰਤਨ ਦੀ ਸਿਖਲਾਈ ਲੈ ਰਹੀਆਂ ਹਨ।




# ਫਲੈਰੋ ਗੁਰਦੁਆਰਾ ਸਾਹਿਬ ਦੇ ਉਦਘਾਟਨ ਸਮੇਂ ਹੈਲੀਕਾਪਟਰ ਰਾਹੀਂ ਮਹਾਰਾਜ ਦੇ ਪਾਵਨ ਸਰੂਪ ਲਿਆਉਣ ਤੇ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੇ ਲਗਾਈ ਰੋਕ

## ਪ੍ਰਬੰਧਕਾਂ ਨੇ ਕੀਤਾ ਅਕਾਲ ਤਖਤ ਸਾਹਿਬ ਦਾ ਹੁਕਮ ਪ੍ਰਵਾਨ, ਕੀ ਹੈ ਮਸਲਾ ..?

ਦਰਅਸਲ ਗੁਰਦੁਆਰਾ ਸਿੰਘ ਸਭਾ ਫਲੈਰੋ ਦੀ ਨਵੀਂ ਬਣੀ ਬਿਲਡਿੰਗ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਕੇ ਉਦਘਾਟਨੀ ਦੀਵਾਨ ਸਜਾ ਕੇ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਸੀ। ਇਸ ਮੌਕੇ ਗੁਰਦੁਆਰਾ ਸਾਹਿਬ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਉਸੇ ਕੰਪਲੈਕਸ ਵਿੱਚ ਪੁਰਾਨੀ ਇਮਾਰਤ ਵਿੱਚ ਸੁਭਾਏਮਾਨ ਹਨ , ਪਰੰਤੂ ਪ੍ਰਬੰਧਕ ਕਮੇਟੀ ਵਲੋਂ ਮੱਨਮੱਤ ਅਤੇ ਪਖੰਡ ਦੀਆਂ ਸਾਰੀਆਂ ਹੱਦਾਂ ਪਾਰ ਕਰਦਿਆਂ ਪ੍ਰੋਗਰਾਮ ਬਣਾਇਆ ਗਿਆ ਕਿ ਗੁਰੂ ਘਰ ਤੋਂ ਗੱਡੀ ਦੇ ਰਾਹੀਂ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਏਅਰਪੋਰਟ ਤੇ ਲਿਜਾ ਕੇ ਦੁਬਾਰਾ ਵਾਪਿਸ ਹੈਲੀਕਾਪਟਰ ਰਾਹੀਂ ਗੁਰੂ ਘਰ ਵਿਖੇ ਲਿਆਂਦੇ ਜਾਣ ਜੋ ਕਿ ਸਿਰਫ਼ ਦਿਖਾਵਾ ਤੇ ਪਖੰਡ ਸੀ, ਕਿਉਂਕਿ ਕਿ ਸੱਚੇ ਪਾਤਸ਼ਾਹ ਜੀ ਤਾਂ ਪਹਿਲਾਂ ਹੀ ਉਸੇ ਕੰਪਲੈਕਸ ਵਿੱਚ ਸੁਭਾਏਮਾਨ ਹਨ , ਇਸ ਦੌਰਾਨ ਏਅਰਪੋਰਟ ਤੇ ਚੈਕਿੰਗ ਵੀ ਹੋਣੀ ਸੀ , ਜਹਾਜ਼ ਦੇ ਪਾਈਲਟ ਵੀ ਗੁਰਸਿੱਖ ਨਹੀਂ ਸਨ ਅਤੇ ਸਿਗਰਟ ਆਦਿ ਦਾ ਸੇਵਨ ਕਰਨ ਵਾਲੇ ਵੀ ਹੋ ਸਕਦੇ ਸਨ , ਫਿਰ ਹੈਲੀਕਾਪਟਰ ਦੀ ਸਾਫ ਸਫਾਈ ਦਾ ਵੀ ਕੁਝ ਨਹੀਂ ਕਿਹਾ ਜਾ ਸਕਦਾ , ਸੋ ਕੁੱਲ ਮਿਲਾ ਕੇ ਬੇਅਦਬੀ ਵਾਲਾ ਕਾਰਜ ਸੀ , ਜੋ ਸਿੱਖ ਸੰਗਤਾਂ ਵੱਲੋਂ ਈਮੇਲ ਰਾਹੀਂ ਮਸਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਧਿਆਨ ਵਿੱਚ ਲਿਆਂਦਾ, ਜਿਸ ਤੇ ਤੁਰੰਤ ਕਾਰਵਾਈ ਕਰਦਿਆਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਉਕਤ ਪ੍ਰੋਗਰਾਮ ( ਹੈਲੀਕਾਪਟਰ ਵਾਲਾ ) ਤੇ ਪਾਬੰਦੀ ਲਾ ਦਿੱਤੀ ਹੈ ॥ ਸੱਚੇ ਪਾਤਸ਼ਾਹ ਦਾ ਕੋਟਾਨ ਕੋਟ ਸ਼ੁਕਰਾਨਾ ਹੈ ਜੋ ਇਟਲੀ ਦੀ ਧਰਤੀ ਤੇ ਬੇਅਦਬੀ ਹੋਣ ਤੋਂ ਬਚਾਅ ਹੋ ਗਿਆ।

# ਸਿਹਤ ਵਿਭਾਗ ਨੇ ਪਿੰਡਾਂ 'ਚ ਲਾਇਆ ਡੇਂਗੂ ਜਾਗਰੂਕਤਾ ਕੈਂਪ



ਤਲਵੰਡੀ ਸਾਬੋ, 26 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਰਾਜ ਵਿੱਚ ਡੇਂਗੂ ਦੀ ਰੋਕਥਾਮ ਲਈ ਐਂਟੀ ਡੇਂਗੂ ਮੁਹਿੰਮ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਤਹਿਤ ਸਿਵਲ ਸਰਜਨ ਬਠਿੰਡਾ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਦਰਸ਼ਨ ਕੌਰ ਦੀ ਯੋਗ ਅਗਵਾਈ ਹੇਠ ਸਿਹਤ ਬਲਾਕ ਤਲਵੰਡੀ ਸਾਬੋ ਅਧੀਨ ਪੈਂਦੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਡੇਂਗੂ ਦੇ ਡੰਗ ਤੋਂ ਬਚਨ ਲਈ ਜਾਗਰੂਤਾ ਕੀਤੀ ਗਈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡਾ. ਦਰਸ਼ਨ ਕੌਰ ਨੇ ਦੱਸਿਆ ਕਿ ਬਲਾਕ ਤਲਵੰਡੀ ਅਧੀਨ ਸ਼ਹਿਰੀ ਖੇਤਰ ਅਤੇ ਪਿੰਡਾਂ ਵਿੱਚ ਡੇਂਗੂ ਸੰਬੰਧੀ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਘਰ ਘਰ ਜਾ ਕੇ ਬਰੀਡਿੰਗ ਥਾਵਾਂ ਨੂੰ ਚੈੱਕ ਕੀਤਾ ਗਿਆ। ਅਵੇਰਨੈਂਸ ਦੌਰਾਨ ਪਿੰਡ ਅਤੇ ਸ਼ਹਿਰ ਵਾਸੀਆਂ ਨੂੰ ਡੇਂਗੂ ਦੀ ਬਿਮਾਰੀ ਸੰਬੰਧੀ ਵਿਸ਼ੇਸ਼ ਰੂਪ ਵਿੱਚ ਜਾਣਕਾਰੀ ਦਿੱਤੀ ਗਈ ਹੈ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਦੀ ਮਹੱਤਤਾ ਬਾਰੇ ਚਾਣਨਾ ਪਾਇਆ ਗਿਆ।

# ਮਹਿਤਾ ਨੰਗਲ ਸਕੂਲ ਵਿੱਚ ਪ੍ਰਮੋਸ਼ਨ ਉਪਰੰਤ ਤਿੰਨ ਨਵੇਂ ਲੈਕਚਰਾਰ ਵੱਲੋਂ ਕੀਤਾ ਜੋਆਇਨ



**ਚੌਂਕ ਮਹਿਤਾ 26 ਅਕਤੂਬਰ, (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਲੰਮੇਂ ਸਮੇਂ ਤੋਂ ਖੜੋਤ ਦੀ ਸਥਿੱਤੀ ਨੂੰ ਤੋੜਦਿਆਂ ਵੱਖ-ਵੱਖ ਅਹੁੱਦਿਆਂ ਉਪਰ ਅਧਿਆਪਕਾਂ ਦੀਆਂ ਬਤੌਰ ਲੈਕਚਰਾਰ ਬਣਦੀਆਂ ਤਰੱਕੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਅੰਮ੍ਰਿਤਸਰ ਸ. ਹਰਭਗਵੰਤ ਸਿੰਘ ਜੀ ਦੀ ਰਹਿਨੁਮਾਈ ਹੇਠ, ਡੀਡੀਓ ਪ੍ਰਿੰਸੀਪਲ ਸ. ਦੀਪਇੰਦਰ ਸਿੰਘ ਖਹਿਰਾ ਜੀ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਨੰਗਲ ਵਿਖੇ ਸ ਨਰਿੰਦਰ ਸਿੰਘ 'ਰਾਏ' ਨੂੰ ਪੰਜਾਬੀ ਲੈਕਚਰਾਰ, ਸ. ਕੁਲਦੀਪ ਸਿੰਘ ਨੂੰ ਪੋਲੀਟੀਕਲ ਸਾਇੰਸ ਲੈਕਚਰਾਰ ਅਤੇ ਸ਼੍ਰੀ ਰਵਿੰਦਰ ਕੁਮਾਰ ਨੂੰ ਮੈਥ ਲੈਕਚਰਾਰ ਦੇ ਅਹੁੱਦੇ ਉੱਪਰ ਹਾਜ਼ਰ ਕਰਵਾ ਲਿਆ ਗਿਆ ਹੈ। ਇਸ ਮੌਕੇ ਸਕੂਲ ਪ੍ਰਬੰਧਕ ਸ ਗੁਰਮੀਤ ਸਿੰਘ, ਸ਼੍ਰੀ ਸੁਰਿੰਦਰ ਭਾਟੀਆ ਅਤੇ ਸ. ਚਰਨਜੀਤ ਸਿੰਘ ਬੱਲ ਵੱਲੋਂ ਨਵੇਂ ਆਏ ਲੈਕਚਰਾਰਜ਼ ਨੂੰ ਜੀ ਆਇਆਂ ਕਿਹਾ ਗਿਆ ਅਤੇ ਉਨ੍ਹਾਂ ਅਤੇ ਉਨ੍ਹਾਂ ਨਾਲ ਆਏ ਸਟਾਫ਼ ਮੈਂਬਰਾਂ ਦੀ ਆਓ ਭਗਤ ਕੀਤੀ ਗਈ। ਇਸ ਮੌਕੇ ਸੀਨੀਅਰ ਅਧਿਆਪਕ ਰਣਜੀਤ ਸਿੰਘ, ਰਸ਼ਪਾਲ ਸਿੰਘ, ਵਿਪਨ ਰਿਖੀ, ਜੈਪਾਲ ਸਿੰਘ, ਅੰਕੁਰ ਰਾਲਾ, ਕ੍ਰਿਸ਼ਨ ਕੁਮਾਰ, ਰੋਹਿਤ ਅਰਜੁਨਾ, ਪਵਨ ਕੁਮਾਰ, ਸਲਵਿੰਦਰ ਸਿੰਘ, ਨਵਜੋਤ ਸਿੰਘ, ਰਾਕੇਸ਼ ਕੁਮਾਰ, ਬਲਰਾਜ ਸਿੰਘ, ਮੈਡਮ ਹਰਪ੍ਰੀਤ ਕੌਰ, ਮੈਡਮ ਜਸਮੀਤ ਕੌਰ, ਮੈਡਮ ਕੁਲਬੀਰ ਕੌਰ, ਮੈਡਮ ਕੁਲਜਿੰਦਰ ਕੌਰ, ਮੈਡਮ ਹਰਸਿਮਰਨ ਕੌਰ, ਮੈਡਮ ਵੰਦਨਾ ਭਾਟੀਆ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਹਠੂਰ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਸਲਾਨਾ ਸਪੋਰਟਸ ਡੇ ਮੌਕੇ ਬੱਚਿਆਂ ਨੇ ਵੱਖ ਵੱਖ ਖੇਡਾਂ ਵਿੱਚ ਲਿਆ ਭਾਗ

# ਜੇਤੂ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਕੀਤਾ ਗਿਆ ਸਨਮਾਨਿਤ : ਹੈੱਡ ਟੀਚਰ ਮੈਡਮ ਸੀਮਾ ਰਾਣੀ



ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਹੈੱਡ ਟੀਚਰ ਮੈਡਮ ਸੀਮਾ ਰਾਣੀ ਦੀ ਦੇਖ ਰੇਖ ਹੇਠ ਸਲਾਨਾ ਸਪੋਰਟਸ ਡੇ ਕਰਵਾਇਆ, ਮੁੱਖ ਮਹਿਮਾਨ ਵਜੋਂ ਕਬੱਡੀ ਕੋਚ ਜਗਰੂਪ ਸਿੰਘ ਰੂਪਾ ਹਠੂਰ, ਸੁਰਜੀਤ ਸਿੰਘ ਹਰਮਨ ਹਠੂਰ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਹਠੂਰ, ਤੇ ਥਾਣਾ ਹਠੂਰ ਤੋਂ ਪੁਲਿਸ ਕਰਮਚਾਰੀਆਂ ਨੇ ਸ਼ਮੂਲੀਅਤ ਕੀਤੀ, ਹੈੱਡ ਟੀਚਰ ਮੈਡਮ ਸੀਮਾ ਰਾਣੀ ਅਤੇ ਸਮੂਹ ਸਕੂਲ ਸਟਾਫ਼ ਨੇ ਮੁੱਖ ਮਹਿਮਾਨਾਂ ਨੂੰ ਸਕੂਲ ਵਿੱਚ ਪਹੁੰਚਣ ਤੇ ਜੀ ਆਇਆਂ ਆਖਿਆ, ਖੇਡਾਂ ਵਿੱਚ ਸਕੂਲ ਦੇ ਬੱਚਿਆਂ ਨੇ ਕਬੱਡੀ, ਫਰੋਗ ਰੇਸ, ਥ੍ਰੀ ਲਿੱਗ ਰੇਸ, ਸਪੂਨ ਰੇਸ ਖੋ- ਖੋ, ਲੁੱਡੋ, ਕੈਰਮ ਬੋਰਡ, ਸ਼ਤਰੰਜ ਆਦਿ ਕਰਵਾਈਆਂ ਗਈਆਂ ਗੇਮਾਂ ਵਿੱਚ ਭਾਗ ਲਿਆ, ਤੇ ਗੇਮਾਂ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੇ ਚੰਗਾ ਖੇਡ ਪ੍ਰਦਰਸ਼ਨ ਕੀਤਾ, ਵੱਖ ਵੱਖ ਖੇਡਾਂ ਵਿੱਚ ਜੇਤੂ ਰਹਿਣ ਵਾਲੇ ਬੱਚਿਆਂ ਨੂੰ ਸਕੂਲ ਸਟਾਫ਼ ਵੱਲੋਂ ਸਰਟੀਫਿਕੇਟ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਕਬੱਡੀ ਕੋਚ ਜਗਰੂਪ ਸਿੰਘ ਰੂਪਾ ਹਠੂਰ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਗੱਲਬਾਤ ਕਰਦਿਆਂ ਹੈੱਡ ਟੀਚਰ ਮੈਡਮ ਸੀਮਾ ਰਾਣੀ ਨੇ ਕਿਹਾ ਕਿ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਬੱਚਿਆਂ ਨੂੰ ਚੰਗੀ ਵਿੱਦਿਆ ਦੇਣ ਦੇ ਨਾਲ ਨਾਲ ਜਿੱਥੇ ਖੇਡਾਂ ਨਾਲ ਜੋੜਿਆ ਜਾਂਦਾ ਹੈ। ਉੱਥੇ ਸਕੂਲ ਵਿੱਚ ਬੱਚਿਆਂ ਵਿਚਕਾਰ ਸਮੇਂ ਸਮੇਂ ਤੇ ਪੜ੍ਹਾਈ ਨਾਲ ਸਬੰਧਤ ਕੰਪੀਟੀਸ਼ਨ, ਚਾਰਟ ਮੁਕਾਬਲੇ, ਵਾਤਾਵਰਨ ਨੂੰ ਸ਼ੁੱਧ ਅਤੇ ਸਾਫ਼ ਸੁਥਰਾ ਰੱਖਣ ਲਈ, ਪਾਣੀ ਬਚਾਉਣ ਲਈ, ਅੱਗ ਬਝਾਉਣ ਲਈ, ਅਤੇ ਸਾਫ ਸਫਾਈ ਪ੍ਰਤੀ ਜਾਗਰੂਕ ਕੀਤਾ ਜਾਂਦਾ ਹੈ। ਤੇ ਸਕੂਲ ਵਿੱਚ ਟੀਚਰ ਡੇ, ਬਾਲ ਦਿਵਸ 15 ਅਗਸਤ ਅਜ਼ਾਦੀ ਦਿਵਸ, ਅਤੇ 26 ਜਨਵਰੀ, ਆਦਿ ਦਿਹਾੜੇ ਮਨਾਏ ਜਾਂਦੇ ਹਨ। ਤੇ ਹੋਰ ਜ਼ਰੂਰੀ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਮੈਡਮ ਸੀਮਾ ਰਾਣੀ ਨੇ ਅੱਗੇ ਕਿਹਾ ਕਿ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਬੱਚਿਆਂ ਤੋਂ ਕਿਸੇ ਵੀ ਕਿਸਮ ਦੀ ਫ਼ੀਸ ਨਹੀਂ ਲਈ ਜਾਂਦੀ ਸਗੋਂ ਬੱਚਿਆਂ ਨੂੰ ਚੰਗੀ ਵਿੱਦਿਆ ਦੇਣ ਦੇ ਨਾਲ ਨਾਲ ਹੋਰ ਮੁਫਤ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ। ਤੇ ਸਕੂਲ ਦਾ ਸਮੁੱਚਾ ਸਟਾਫ਼ ਬੜਾ ਮਿਹਨਤੀ ਹੈ। ਇਸ ਮੌਕੇ ਸਕੂਲ ਸਟਾਫ਼ ਵਿੱਚ ਹੈੱਡ ਟੀਚਰ ਮੈਡਮ ਸੀਮਾ ਰਾਣੀ, ਮੈਡਮ ਮੋਨਿਕਾ ਜੈਨ, ਰਾਜਵੰਤ ਕੌਰ, ਅਨੂ ਰਾਣੀ, ਗੁਰਪ੍ਰੀਤ ਕੌਰ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਗੁਰਜੀਤ ਕੌਰ, ਪ੍ਰੀਤ ਸਿੰਘ, ਧਰਮਿੰਦਰ ਸਿੰਘ ਤੋਂ ਇਲਾਵਾ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਹਠੂਰ, ਕਬੱਡੀ ਕੋਚ ਜਗਰੂਪ ਸਿੰਘ ਰੂਪਾ ਹਠੂਰ, ਸੁਰਜੀਤ ਸਿੰਘ ਹਰਮਨ ਹਠੂਰ, ਸਕੂਲ ਦੇ ਬੱਚੇ ਅਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ।

ਬੱਬਰੀ ਬਾਈਪਾਸ ਕੀਤਾ ਗਿਆ ਮੁਕੰਮਲ ਬੰਦ ਰਾਜੂ ਧੱਕੜ ਵਾਈਸ ਪ੍ਰਧਾਨ ਪੰਜਾਬ ਨੇ ਕੀਤੀ

# ਮਾਝਾ ਕਿਸਾਨ ਸੰਘਰਸ਼ ਕਮੇਟੀ ਦੀ ਅਗਵਾਈ



**ਸ੍ਰੀ ਹਰਗੋਬਿੰਦਪੁਰ ਸਾਹਿਬ, 26 ਅਕਤੂਬਰ (ਕੁਲਜੀਤ ਸਿੰਘ ਖੋਖਰ)**-ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਮੰਡੀਆਂ ਦੇ ਵਿੱਚ ਝੋਨੇ ਦੀ ਖਰੀਦ ਨਾ ਹੋਣ ਦੇ ਸਬੰਧ ਦੇ ਵਿੱਚ ਗੁਰਦਾਸਪੁਰ ਬੱਬਰੀ ਬਾਈਪਾਸ ਤੇ ਰੋਸ ਧਰਨਾ ਲਗਾਇਆ ਗਿਆ ਇਸ ਧਰਨੇ ਦੇ ਵਿੱਚ ਵੱਖ-ਵੱਖ ਜਥੇਬੰਦੀਆਂ ਤੇ ਸੈਂਕੜੇ ਕਿਸਾਨਾਂ ਨੇ ਭਾਗ ਲਿਆ ਅਤੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਕਿਸਾਨਾਂ ਦਾ ਕਹਿਣਾ ਹੈ ਕਿ ਸਰਕਾਰ ਵੱਲੋਂ ਵਾਅਦਾ ਕੀਤਾ ਗਿਆ ਸੀ ਕਿ ਝੋਨੇ ਦੀ ਖਰੀਦ ਸਮੇਂ ਤੇ ਕੀਤੀ ਜਾਵੇਗੀ ਪਰ ਅਜੇ ਤੱਕ ਮੰਡੀਆਂ ਦੇ ਵਿੱਚ ਝੋਨੇ ਦੀ ਖਰੀਦ ਸ਼ੁਰੂ ਨਹੀਂ ਹੋਈ ਇਸ ਕਰਕੇ ਕਿਸਾਨਾਂ ਨੂੰ ਆਪਣੇ ਝੋਨੇ ਨੂੰ ਵੇਚਣ ਦੇ ਵਿੱਚ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਤੇ ਉਹਨਾਂ ਦਾ ਕਹਿਣਾ ਕਿ ਜੇਕਰ ਸਰਕਾਰ ਨੇ ਝੋਨੇ ਦੀ ਖਰੀਦ ਜਲਦੀ ਸ਼ੁਰੂ ਨਾ ਕੀਤੀ ਗਈ ਤਾਂ ਉਹਨਾਂ ਦੀ ਵਿੱਤੀ ਹਾਲਤ ਖਰਾਬ ਹੋ ਜਾਵੇਗੀ। ਕਿਸਾਨਾਂ ਵੱਲੋਂ ਦੱਸਿਆ ਗਿਆ ਕਿ ਝੋਨੇ ਦੇ ਸਹੀ ਮਾਇਸਚਰ ਹੋਣ ਦੇ ਉੱਪਰ ਵੀ ਕਿਸਾਨਾਂ ਦੇ ਨਾਲ ਲੁੱਟ ਹੋ ਰਹੀ ਹੈ ਤੇ ਉਹਨਾਂ ਦੇ ਝੋਨੇ ਦੇ ਰੇਟ ਦੇ ਵਿੱਚ ਕੱਟ ਲੱਗ ਰਿਹਾ ਹੈ ਕਿਸਾਨ ਆਪਣਾ ਝੋਨਾ ਲੈ ਕੇ ਮੰਡੀਆਂ ਦੇ ਵਿੱਚ ਬੈਠੇ ਹਨ ਪਰ ਸਰਕਾਰ ਵੱਲੋਂ ਕਿਸੇ ਵੀ ਨੁਮਾਇੰਦੇ ਜਾਂ ਸ਼ੈਲਰ ਮਾਲਕ ਵੱਲੋਂ ਉਹਨਾਂ ਦੀ ਸਾਰ ਨਹੀਂ ਲਈ ਜਾ ਰਹੀ ਇਸ ਮੌਕੇ ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਸਮੂਹ ਅਹੁਦੇਦਾਰ ਅਤੇ ਵਰਕਰਾਂ ਨੇ ਵੀ ਇਸ ਧਰਨੇ ਦੇ ਵਿੱਚ ਵਾਈਸ ਪ੍ਰਧਾਨ ਪੰਜਾਬ ਰਾਜੂ ਧੱਕੜ ਜੀ ਦੀ ਅਗਵਾਈ ਵਿੱਚ ਸ਼ਮੂਲੀਅਤ ਕੀਤੀ ਉਹਨਾਂ ਨੇ ਦੱਸਿਆ ਕਿ ਸਰਕਾਰ ਨੂੰ ਕਿਸਾਨਾ ਦੀ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸਮਝਣਾ ਚਾਹੀਦਾ ਹ ਤੇ ਝੋਨੇ ਦੀ ਖਰੀਦ ਨੂੰ ਤੁਰੰਤ ਸ਼ੁਰੂ ਕਰ ਦੇਣਾ ਚਾਹੀਦਾ ਚਾਹੀਦਾ ਹੈ ਉਹਨਾਂ ਨੇ ਚੇਤਾਵਨੀ ਦਿੱਤੀ ਕਿ ਸਰਕਾਰ ਨੇ ਕਿਸਾਨਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਤਾ ਕਮੇਟੀ ਵੱਲੋਂ ਅਗਾਂਹ ਹੋਰ ਵੱਡੇ ਪੱਧਰ ਤੇ ਸੰਘਰਸ਼ ਕੀਤਾ ਜਾਵੇਗਾ। ਕਿਸਾਨਾਂ ਦੀਆਂ ਮੁੱਖ ਮੰਗਾਂ ਹੈ ਕਿ ਝੋਨੇ ਦੀ ਖਰੀਦ ਲਈ ਵੱਖ-ਵੱਖ ਮੰਡੀਆਂ ਵਿੱਚ ਸਹੂਲਤਾਂ ਮੁਹਾਈਆ ਕਰਵਾਈਆਂ ਜਾਣ ਅਤੇ ਖਰੀਦ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਇਆ ਜਾਵੇ ਇਸ ਦੇ ਨਾਲ ਹੀ ਕਿਸਾਨਾਂ ਨੇ ਸਰਕਾਰ ਨੂੰ ਯਾਦ ਦਵਾਇਆ ਕਿ ਉਹਨਾਂ ਨੇ ਹਮੇਸ਼ਾ ਦੇਸ਼ ਦੀ ਖੇਤੀ ਦੇ ਵਿੱਚ ਵੱਡਾ ਯੋਗਦਾਨ ਪਾਇਆ ਹੈ ਹੁਣ ਸਮੇਂ ਦੀ ਲੋੜ ਹੈ ਕਿ ਸਰਕਾਰ ਕਿਸਾਨਾਦੇ ਹੱਕਾਂ ਦੀ ਰੱਖਿਆ ਕਰੇ ਇਸ ਧਰਨੇ ਦੇ ਵਿੱਚ ਸਰਕਾਰ ਦੇ ਖਿਲਾਫ ਨਾਰੇਬਾਜੀ ਕੀਤੀ ਗਈ ਅਤੇ ਦੱਸਿਆ ਗਿਆ ਕਿ ਸਰਕਾਰ ਆਪਣੇ ਵਾਅਦੇ ਕਰਕੇ ਹੁਣ ਆਪਣੇ ਵਾਦਿਆਂ ਉੱਪਰ ਖਰੀ ਨਹੀਂ ਉਤਰ ਰਹੀ ਅਤੇ ਉਹ ਆਪਣੇ ਵਾਦਿਆਂ ਤੋਂ ਮੁੱਕਰ ਰਹੀ ਹੈ ਤੇ ਕਿਸਾਨ ਮੰਡੀਆਂ ਦੇ ਵਿੱਚ ਰੁਲ ਰਹੇ ਹਨ ਇਸ ਮੌਕੇ ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਰਾਜੂ ਔਲਖ, ਜਨਰਲ ਸਕੱਤਰ ਪੰਜਾਬ ਗੁਰਪ੍ਰੀਤ ਸਿੰਘ ਬੋਪਾਰਾਏ ਜਿਲਾ ਪ੍ਰਧਾਨ ਸੋਨੂੰ ਚੱਡਾ ਕੈਸ਼ੀਅਰ ਬਲਕਾਰ ਸਿੰਘ ਫੁਲੜਾ ਮੁੱਖ ਬੁਲਾਰਾ ਪੰਜਾਬ ਸੁਖਦੇਵ ਸਿੰਘ ਸਿਸਰਾ ਪੰਜਾਬ ਸਕੱਤਰ ਮਨੋਹਰ ਸਿੰਘ ਕਾਹਨੂੰਵਾਨ ਮੁੱਖ ਸਲਾਹਕਾਰ ਲਵ ਹਰਚੋਵਾਲ ਮੀਡੀਆ ਇੰਚਾਰਜ ਅਮਨ ਰੰਧਾਵਾ ਅਮਨ ਤੁਗਲਵਾਲਾ ਸਰਪ੍ਰਸਤ ਕਸ਼ਮੀਰ ਸਿੰਘ ਤੁਗਲਵਾਲਾ ਸਰਕਲ ਪ੍ਰਧਾਨ ਸੁਖ ਰਿਆੜ ਪ੍ਰਧਾਨ ਲਵਲੀ ਲੰਬੜ ਤੁਗਲਵਾਲਾ ਲਾਡੀ ਬੱਲ ਭੇਟ ਪੱਤਣ ਤਰਸੇਮ ਸਿੰਘ ਡੇਰੀਵਾਲ ਸਰਪੰਚ ਹਰਦਿਆਲ ਸਿੰਘ ਤੁਗਲਵਾਲਾ ਪ੍ਰਧਾਨ ਕੁਲਦੀਪ ਸਿੰਘ ਚੇਅਰਮੈਨ ਸਾਬੀ ਦਾਰਾ ਸਿੰਘ ਨਵੀਆਂ ਬਾਗੜੀਆਂ ਪਲਵਿੰਦਰ ਸਿੰਘ ਬਟਾਲਾ ਕਰਮਜੀਤ ਸਿੰਘ ਨੂਨ ਅਜੇ ਸਿੰਘ ਨੂੰਨ ਜੋਨੀ ਠਾਕੁਰ ਲੱਕੀ ਬਰਕਤਾਂ ਜੀਤਾ ਭਲਵਾਨ ਕੀੜੀ ਲਖਵਿੰਦਰ ਸਿੰਘ ਕੀੜੀ ਸਰਕਲ ਪ੍ਰਧਾਨ ਸੁਖਜਿੰਦਰ ਸਿੰਘ ਹਰਚੋਵਾਲ ਕੁਲਦੀਪ ਸਿੰਘ ਡੇਰੀਵਾਲ ਸੁਰਜੀਤ ਸਿੰਘ ਧੱਕੜ ਕਰਮ ਸਿੰਘ ਵਿਠਵਾਂ ਬਿੱਟੂ ਫੋਰਮੈਨ ਦੀਦਾਰ ਸਿੰਘ ਔਲਖ ਬੇਟ ਲਖਵਿੰਦਰ ਸਿੰਘ ਸਾਬਕਾ ਸਰਪੰਚ ਦੇਬਾ ਚੋਚਨੇ ਮਾਝੂ ਭਲਵਾਨ ਔਲਖ ਹਰਦਿਆਲ ਸਿੰਘ ਚੇਅਰਮੈਨ ਧੱਕੜ ਕਿਰਪਾਲ ਸਿੰਘ ਰੋੜਾਵਾਲੀ ਹਰਪਾਲ ਸਿੰਘ ਰੋੜਾਵਾਲੀ ਤਰਸੇਮ ਸਿੰਘ ਕੋਹਾੜ ਸੁਖਮੇਲ ਸਿਘ ਬਲਜੀਤ ਸਿੰਘ ਹਰਮਨ ਸੰਧੂ ਪ੍ਰਧਾਨ ਕਾਦੀਆਂ ਕੁਲਵੰਤ ਸਿੰਘ ਬੇਅੰਤ ਸਿੰਘ ਡੇਅਰੀਵਾਲ ਕੁਲਦੀਪ ਸਿੰਘ ਡੇਅਰੀਵਾਲ ਗੁਰਦੀਪ ਸਿੰਘ ਧੱਕੜ ਤੋ ਇਲਾਵਾ ਜਥੇਬੰਦੀ ਦੇ ਸਮੂਹ ਵਰਕਰ ਅਤੇ ਕਿਸਾਨ ਆਗੂ ਹਾਜ਼ਰ ਸਨ।

# ਬਾਬਾ ਆਇਆ ਸਿੰਘ ਰਿਆੜਕੀ ਕਾਲਜ ਦੀਆ ਸਿੱਖਿਆ ਸੰਸਥਾਵਾਂ ਦੇ 1222 ਵਿਦਿਆਰਥੀਆਂ ਨੇ ਦਿੱਤੀ ਸਿੱਖ ਮਿਸ਼ਨਰੀ ਦੀ ਧਾਰਮਿਕ ਪ੍ਰੀਖਿਆ





**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 26 ਅਕਤੂਬਰ (ਕੁਲਜੀਤ ਸਿੰਘ ਖੋਖਰ)**-ਪੰਜਾਬ ਦੇ ਸ਼ਾਂਤੀ ਨਿਕੇਤਨ ਵਜੋਂ ਜਾਣੇ ਜਾਂਦੇ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਦੀਆਂ ਸਿੱਖਿਆ ਸੰਸਥਾਵਾਂ ਦੇ 1222 ਵਿਦਿਆਰਥੀਆਂ ਨੇ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਲਈ ਜਾਂਦੀ ਧਾਰਮਿਕ ਪ੍ਰੀਖਿਆ ਬਿਨਾਂ ਨਕਲ ਤੇ 21000 ਰੁ ਦਾ ਨਕਦ ਇਨਾਮ ਰੱਖ ਕੇ ਦਿੱਤੀ । ਇਸ ਮੌਕੇ ਪ੍ਰਿੰਸੀਪਲ ਸਰਦਾਰ ਸਵਰਨ ਸਿੰਘ ਜੀ ਵਿਰਕ ਨੇ ਕਿਹਾ ਕਿ ਜੇਕਰ ਅਕਾਦਮਿਕਤਾ ਦੇ ਨਤੀਜੇ ਹੋਣ ਤਾਂ ਵੀ ਸਾਡੇ ਵਿੱਦਿਆਰਥੀ 100 ਫੀਸਦੀ ਫਸਟ ਡਵੀਜ਼ਨਾਂ ਚ ਮੱਲਾ ਮਾਰਦੇ ਹਨ ਤੇ ਜੇਕਰ ਧਾਰਮਿਕਤਾ ਦਾ ਖੇਤਰ ਹੋਵੇ ਤਾਂ ਉਸ ਵਿੱਚ ਵੀ ਪੰਜਾਬ ਭਰ ਵਿੱਚੋਂ ਪਹਿਲੇ ਸਥਾਨਾਂ ਤੇ ਕਾਬਜ ਹੁੰਦੇ ਹਨ। ਉਹਨਾਂ ਕਿਹਾ ਕਿ ਧਾਰਮਿਕਤਾ - ਸੱਚ ਆਚਾਰ, ਸਦਾਚਾਰ, ਉੱਚ ਕਿਰਦਾਰ ਤੇ ਚੰਗੇ ਕਰੈਕਟਰ ਦਾ ਬੀਜ ਬੀਜਦੀ ਹੈ ਅਤੇ ਅਜਿਹਾ ਬੀਜ ਬੀਜਣ ਲਈ ਸੰਸਥਾ ਦਾ ਹਰ ਵਿਦਿਆਰਥੀ ਧਾਰਮਿਕ ਪ੍ਰੀਖਿਆ ਵਿੱਚ ਅਪੀਅਰ ਹੁੰਦਾ ਹੈ ਜਿਸ ਦੇ ਨਤੀਜੇ ਵਜੋਂ ਸੈਂਕੜੇ ਵਿਦਿਆਰਥੀ ਸ਼ੀਲਡਾਂ ਜਿੱਤਦੇ ਹਨ ਅਤੇ ਲੱਖਾਂ ਦੇ ਵਜ਼ੀਫੇ ਜਿੱਤਕੇ ਮਾਪਿਆਂ ਅਤੇ ਅਧਿਆਪਕਾਂ ਦਾ ਨਾਮ ਰੌਸ਼ਨ ਕਰਦੇ ਹਨ। ਸਿੱਖ ਮਿਸ਼ਨਰੀ ਦੀ ਪਿਛਲੀ ਪ੍ਰੀਖਿਆ ਦੌਰਾਨ ਹੀ ਪਹਿਲੇ ਦਰਜੇ ਵਿੱਚ ਪੰਜਾਬ ਭਰ ਵਿੱਚੋਂ ਪਹਿਲਾਂ, ਦੂਸਰਾ ਤੇ ਦਸਵਾਂ ਸਥਾਨ ਅਤੇ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਪ੍ਰੀਖਿਆ ਦੇ ਚੌਥੇ ਦਰਜੇ ਵਿੱਚੋਂ ਪਹਿਲਾ, ਦੂਸਰਾ ਤੇ ਤੀਸਰਾ ਸਥਾਨ ਹਾਸਲ ਕਰਨ ਦਾ ਮਾਣ ਵੀ ਸਾਡੀ ਸੰਸਥਾ ਨੂੰ ਹੀ ਪ੍ਰਾਪਤ ਸੀ ।ਇਸ ਸਾਲ ਵੀ ਇਸ ਪ੍ਰੀਖਿਆ ਵਿੱਚ ਪਹਿਲੇ ਦਰਜੇ ਦੇ 247 ਵਿਦਿਆਰਥੀ ਅਪੀਅਰ ਹੋਏ, ਦੂਸਰੇ ਦਰਜੇ ਦੇ 377 ਵਿਦਿਆਰਥੀ, ਤੀਸਰੇ ਦਰਜੇ ਦੇ 527 ਵਿਦਿਆਰਥੀ,ਚੌਥੇ ਦਰਜੇ ਦੇ 71 ਵਿਦਿਆਰਥੀ ਅਤੇ ਕੁੱਲ 1222 ਵਿਦਿਆਰਥੀਆਂ ਨੇ ਮਿਹਨਤ ਤੇ ਸ਼ਿੱਦਤ ਨਾਲ ਪ੍ਰੀਖਿਆ ਦਿੱਤੀ। ਕੈਂਪਸ ਵਿੱਚ ਚਾਰ ਵੱਖੋ ਵੱਖਰੇ ਪ੍ਰੀਖਿਆ ਕੇਂਦਰਾਂ ਵਿੱਚ ਸਿੱਖ ਮਿਸ਼ਨਰੀ ਦੇ ਸੁਪਰਡੈਂਟ ਅਧੀਨ ਸੰਸਥਾ ਦੇ ਵਿਦਿਆਰਥੀਆਂ ਨੇ ਬਾਖੂਬੀ ਡਿਊਟੀ ਨਿਭਾਈ। ਕਿਉਂਕਿ ਸੰਸਥਾ ਦੇ ਵਿਦਿਆਰਥੀ ਦਾਅਵਾ ਕਰਦਿਆਂ ਕਹਿੰਦੇ ਹਨ ਕਿ ਸਾਡਾ ਦਾਅਵਾ ਇਹ ਨਹੀਂ ਕਿ ਅਸੀਂ ਬੱਚਿਆਂ ਨੂੰ ਨਕਲ ਨਹੀਂ ਕਰਨ ਦਿੰਦੇ ਬਲਕਿ ਸਾਡਾ ਦਾਅਵਾ ਇਹ ਹੈ ਕਿ ਸਾਡਾ ਕੋਈ ਵੀ ਵਿਦਿਆਰਥੀ ਖ਼ੁਦ ਹੀ ਨਕਲ ਨਹੀਂ ਕਰਦਾ। ਇਸ ਮੌਕੇ ਬਾਹਰੋਂ ਆਏ ਸੁਪਰਡੈਂਟ ਸਟਾਫ ਵੱਲੋਂ ਹੈਰਾਨਗੀ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਤੱਕ ਉਹਨਾਂ ਨੇ ਅਜਿਹਾ ਕੋਈ ਵੀ ਪ੍ਰੀਖਿਆ ਕੇਂਦਰ ਨਹੀਂ ਵੇਖਿਆ ਜਿੱਥੇ ਵਿਦਿਆਰਥੀ ਨਕਲ ਨਹੀਂ ਕਰਦੇ ਅਤੇ ਸਾਰੀਆਂ ਜਿੰਮੇਵਾਰੀਆਂ ਖੁਦ ਹੀ ਨਿਭਾਉਂਦੇ ਹਨ। ਉਹਨਾਂ ਕਿਹਾ ਕਿ ਉਹ ਵਿਦਿਆਰਥੀਆਂ ਦੇ ਅਨੁਸ਼ਾਸਨ ਅਤੇ ਸਾਦਗੀ ਤੋਂ ਬਹੁਤ ਪ੍ਰਭਾਵਿਤ ਹਨ ਅਖੀਰ ਸੁਪਰਡੈਂਟ ਅਤੇ ਸੁਪਰਵਾਈਜ਼ਰ ਸਟਾਫ ਦਾ ਪ੍ਰਿੰਸੀਪਲ ਸਰਦਾਰ ਸਵਰਨ ਸਿੰਘ ਜੀ ਵਿਰਕ ਅਤੇ ਸਟੂਡੈਂਟ ਕਮੇਟੀ ਵੱਲੋਂ ਸਿਰੋਪਾਓ ਨਾਲ ਸਨਮਾਨ ਕੀਤਾ ਗਿਆ।

# ਪੰਚਾਇਤੀ ਚੋਣਾਂ ਵਿੱਚ ਖੰਗਰ ਵਸਤੀ (ਮਹਾਲਮ )ਤੋ ਸਰਪੰਚੀ ਜਿੱਤਣ ਤੋ ਬਾਅਦ ਪਿੰਡ ਵਾਸੀਆਂ ਦਾ ਕੀਤਾ ਧੰਨਵਾਦ : ਸਰਵਨ ਸਰਪੰਚ ਮਹਾਲਮ

ਫਿਰੋਜ਼ਪੁਰ 26 ਅਕਤੂਬਰ (ਸੁਖਮੰਦਰ ਸਿੰਘ ਸ਼ਾਤ) ਪੰਚਾਇਤੀ ਚੋਣਾਂ ਦੇ ਚਲਦਿਆਂ ਖੰਗਰ ਵਸਤੀ ਮਹਾਲਮ



ਤੂੰ ਜੇਤੂ ਰਹਿ ਸਰਪੰਚ ਸਰਵਣ ਸਿੰਘ ਮਹਾਲਮ ਨੇ ਅੱਜ ਆਪਣੇ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ। ਸਰਵਣ ਸਿੰਘ ਨੇ ਕਿਹਾ ਕਿ ਇਹ ਜਿੱਤ ਮੇਰੇ ਪਿੰਡ ਨਿਵਾਸੀਆਂ ਦੇ ਸਹਿਯੋਗ ਦੀ ਜਿੱਤ ਹੈ ਜਿਨਾਂ ਨੇ ਮੈਨੂੰ ਬੜੀ ਵੱਡੀ ਲੀਡ ਦੇ ਨਾਲ ਜਿੱਤ ਹਾਸਲ ਕਰਵਾਈ ਮੈਂ ਕਦੇ ਸੋਚਿਆ ਵੀ ਨਹੀਂ ਸੀ ਕਿ ਮੈਨੂੰ ਮੇਰੇ ਨਗਰ ਦੇ ਲੋਕ ਏਡੀ ਵੱਡੀ ਜਿੰਮੇਵਾਰੀ ਦੇਣਗੇ ਮੈਂ ਆਪਣੇ ਪਿੰਡ ਦੇ ਲੋਕਾਂ ਦਾ ਸਦਾ ਰਿਣੀ ਰਹਾਂਗਾ ਤੇ ਆਪਣੇ ਨਗਰ ਦੇ ਲੋਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਜੋ ਉਹਨਾਂ ਨੇ ਮੇਰੇ ਤੇ ਵਿਸ਼ਵਾਸ ਕਰਕੇ ਮੈਨੂੰ ਪਿੰਡ ਦੇ ਜਿੰਮੇਵਾਰੀ ਦਿੱਤੀ ਹੈ ਮੈਂ ਉਸ ਤੇ ਪੂਰਾ ਉਤਰਾਂਗਾ ਤੇ ਪਿੰਡ ਵਿੱਚ ਹੋਣ ਵਾਲੇ ਵਿਕਾਸ ਕਾਰਜ ਪੂਰੇ ਤਨ ਦੇਹੀ ਦੇ ਨਾਲ ਕਰਵਾਵਾਂਗਾ ਮੇਰੇ ਮਨ ਦੀ ਮਨਸਾ ਸੀ ਕਿ ਮੈਂ ਆਪਣੇ ਪਿੰਡ ਦੀ ਨੁਹਾਰ ਨੂੰ ਬਦਲ ਸਕਾਂ ਕਿਉਂਕਿ ਮੈਂ ਬੜਾ ਲੰਮਾ ਸਮਾਂ ਸਪੋਰਟਸ ਦੇ ਵਿੱਚ ਆਪਣੇ ਜਿੰਦਗੀ ਨੂੰ ਅਜਮਾਇਆ ਤੇ ਮੈਂ ਕੋਸ਼ਿਸ਼ ਕਰਾਂਗਾ ਕਿ ਆਪਣੇ ਪਿੰਡ ਦੀ ਨੌਜਵਾਨੀ ਨੂੰ ਖੇਡਾਂ ਦੇ ਪ੍ਰਤੀ ਜਾਗਰੂਕ ਕਰ ਸਕਾਂ ਤੇ ਆਪਣੇ ਪਿੰਡ ਵਿੱਚ ਕੋਈ ਖੇਡ ਸਟੇਡੀਅਮ ਅਤੇ ਇੱਕ ਸੋਹਣਾ ਪਾਰਕ ਅਤੇ ਲਾਇਬ੍ਰੇਰੀ ਲਿਆ ਕੇ ਪਿੰਡ ਦੀ ਝੋਲੀ ਵਿੱਚ ਪਾਵਾਂ ਮੇਰੇ ਬਹੁਤ ਸਾਰੇ ਸੁਪਨੇ ਹਨ ਜੋ ਮੈਂ ਆਪਣੇ ਵੱਲੋਂ ਕੋਸ਼ਿਸ਼ ਕਰਾਂਗਾ ਕਿ ਉਹ ਸੁਪਨਿਆਂ ਨੂੰ ਪੂਰਾ ਕਰ ਸਕਾਂ ਜੋ ਵੀ ਜਿੰਮੇਵਾਰੀ ਮੈਨੂੰ ਮੇਰੇ ਪਿੰਡ ਦੇ ਨਿਵਾਸੀਆਂ ਨੇ ਦਿੱਤੀ ਹੈ ਉਸ ਨੂੰ ਮੈਂ ਪੂਰੀ ਤਨ ਦੇਹੀ ਦੇ ਨਾਲ ਨਿਭਾਵਾਂਗਾ ਤੇ ਆਪਣੇ ਪਿੰਡ ਦਾ ਨਾਮ ਦੁਨੀਆਂ ਦੇ ਵਿੱਚ ਰੁਸ਼ਨਾ ਸਕਾਂ ਇਹ ਮੇਰਾ ਪਹਿਲਾ ਮਕਸਦ ਰਹੇਗਾ ਸੋ ਮੈਂ ਆਪਣੀ ਜਿੱਤ ਦਾ ਸਾਰਾ ਸਿਹਰਾ ਆਪਣੇ ਸਾਰੇ ਹੀ ਨਗਰ ਨਿਵਾਸੀਆਂ ਦੇ ਸਿਰ ਬੰਨਦਾ ਹਾਂ ਜਿਨਾਂ ਦੀ ਬਦੌਲਤ ਅਤੇ ਗੁਰੂ ਦੀ ਰਹਿਮਤ ਦੀ ਬਦੌਲਤ ਇਹ ਰੁਤਬਾ ਜਿਹੜਾ ਮੈਨੂੰ ਮਿਲਿਆ ਹੈ ਸੋ ਮੈਂ ਬੜੀ ਨਿਮਰਤਾ ਤੇ ਹਲੀਮੀ ਦੇ ਨਾਲ ਇਸ ਨੂੰ ਨਿਭਾ ਸਕਾਂ ਸੋ ਫਿਰ ਤੋਂ ਮੈਂ ਸਾਰੇ ਹੀ ਨਗਰ ਦਾ ਧੰਨਵਾਦ ਕਰਦਾ ਹਾਂ ।ਸੋ ਸਾਰੀ ਪੰਚਾਇਤ ,ਸਰਵਨ ਸਿੰਘ ਸਰਪੰਚ ,ਮੈਬਰ ਗੁਰਵਿੰਦਰ ਸਿੰਘ ਖੰਗਰ ,ਮੈਂਬਰ ਸੁਖਪਾਲ ਸਿੰਘ, ਮੈਂਬਰ ਗੁਰਲਾਭ ਸਿੰਘ, ਮੈਂਬਰ ਸੁਖਵਿੰਦਰ ਕੌਰ

# ਲੋਕਾਂ ਨੂੰ ਆਪਣੇ ਵੱਲ ਖਿੱਚਣ ਚ ਕਾਮਯਾਬੀ ਹਾਸਿਲ ਕਰ ਰਿਹਾ ਹੈ ਕੇਵਲ ਢਿੱਲੋਂ ਦਾ ਫੁੱਲ



**ਬਰਨਾਲਾ (ਰਣਜੀਤ ਸਿੰਘ ਪੇਧਨੀ)**-ਕੇਵਲ ਸਿੰਘ ਢਿੱਲੋ ਜੋ ਕਿ ਕਿਸੇ ਵੀ ਤਰ੍ਹਾਂ ਦੀ ਜਾਨ ਪਹਿਚਾਣ ਦੇ ਮੁਹਤਾਜ ਨਹੀਂ ਹਨ ਅਤੇ ਆਪਣੇ ਵੱਖਰੇ ਹੀ ਅੰਦਾਜ਼ ਨਾਲ ਲੋਕਾਂ ਨੂੰ ਆਪਣੇ ਨਾਲ ਜੋੜਨ ਦਾ ਬਲ ਰੱਖਦੇ ਹਨ। ਭਾਜਪਾ ਦੇ ਉਮੀਦਵਾਰ ਅਤੇ ਲੰਬੇ ਸਮੇਂ ਤੋਂ ਰਾਜਨੀਤੀ ਨਾਲ ਜੁੜੇ ਹੋਏ ਕੇਵਲ ਸਿੰਘ ਢਿੱਲੋ ਜਿਨਾਂ ਦਾ ਚੋਣ ਨਿਸ਼ਾਨ ਕਮਲ ਦਾ ਫੁੱਲ ਹੈ ਅਤੇ ਲੋਕਾਂ ਵੱਲੋਂ ਇਸ ਕਮਲ ਦੇ ਫੁੱਲ ਨੂੰ ਡਾਢਾ ਪਸੰਦ ਕੀਤਾ ਜਾ ਰਿਹਾ। ਕੇਵਲ ਸਿੰਘ ਢਿੱਲੋ ਨੇ ਕਿਹਾ ਕਿ ਉਹਨਾਂ ਦਾ ਚੋਣ ਲੜਨ ਦਾ ਵਿਸ਼ਾ ਕੇਵਲ ਤੇ ਕੇਵਲ ਸ਼ਹਿਰ ਦਾ ਵਿਕਾਸ ਹੀ ਹੁੰਦਾ ਹੈ ਅਤੇ ਸਾਰਾ ਸ਼ਹਿਰ ਇਸ ਗੱਲ ਦਾ ਸਬੂਤ ਦਿੰਦਾ ਹੈ ਕਿ ਹੁਣ ਤੱਕ ਉਹਨਾਂ ਵੱਲੋਂ ਸ਼ਹਿਰ ਚ ਵੱਡੀ ਤਾਦਾਦ ਵਿੱਚ ਵਿਕਾਸ ਦੇ ਕੰਮ ਪੁਰ ਚੜਾਏ ਗਏ ਹਨ। ਉਹਨਾਂ ਨੇ ਆਸ਼ਵਾਸਨ ਦਿੱਤਾ ਕਿ ਬਰਨਾਲਾ ਦੀ ਜਿਮਣੀ ਚੋਣ ਜਿੱਤਣ ਤੋਂ ਬਾਅਦ ਕੇਂਦਰ ਸਰਕਾਰ ਵੱਲੋਂ ਸ਼ਹਿਰ ਦੀ ਵਿਗੜੀ ਹੋਈ ਦਿਸ਼ਾ ਨੂੰ ਚੰਗੀ ਦਸ਼ਾ ਦੇਣ ਲਈ ਉਹ ਤਤਪਰ ਰਹਿਣਗੇ ਅਤੇ ਉਹਨਾਂ ਦੇ ਹੱਕ ਵਿੱਚ ਦਿੱਤੇ ਗਏ ਲੋਕਾਂ ਦੇ ਫਤਵੇ ਨੂੰ ਹਮੇਸ਼ਾ ਯਾਦ ਰੱਖਣਗੇ।

ਪੰਜਾਬ ਸਰਕਾਰ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਯਤਨਸ਼ੀਲ : ਵਿਧਾਇਕ ਰਜਨੀਸ਼ ਦਹੀਯਾ

# ਵਿਧਾਇਕ ਨੇ ਸਿੱਖਿਆ ਅਧਿਕਾਰੀਆਂ ਨਾਲ ਕੀਤੀ ਮੀਟਿੰਗ



**ਫ਼ਿਰੋਜ਼ਪੁਰ, 26 ਅਕਤੂਬਰ (ਸੁਖਮੰਦਰ ਸਿੰਘ ਸ਼ਾਤ)**-ਫਿਰੋਜ਼ਪੁਰ ਹਲਕਾ ਦਿਹਾਤੀ ਦੇ ਵਿਧਾਇਕ ਸ਼੍ਰੀ ਰਜਨੀਸ਼ ਦਹੀਯਾ ਵੱਲੋਂ ਸਿੱਖਿਆ ਅਧਿਕਾਰੀਆਂ ਨਾਲ ਹਲਕੇ ਦੇ ਪ੍ਰਾਇਮਰੀ ਅਤੇ ਸੈਕੰਡਰੀ ਸਕੂਲਾਂ ਵਿੱਚ ਸਿੱਖਿਆ ਖੇਤਰ 'ਚ ਗੁਣਾਤਮਕ ਸੁਧਾਰ ਲਈ ਵਿਸ਼ੇਸ਼ ਮੀਟਿੰਗ ਕੀਤੀ ਗਈ। ਜਿਸ ਵਿੱਚ ਸਰਹੱਦੀ ਖੇਤਰ ਦੇ ਲੋੜਵੰਦ ਸਕੂਲਾਂ ਨੂੰ ਅਪਗ੍ਰੇਡ ਕਰਨ ਸਬੰਧੀ , ਸਕੂਲਾਂ ਵਿੱਚ ਚੱਲ ਰਹੇ ਉਸਾਰੀ ਦੇ ਕੰਮਾਂ, ਵਿਭਾਗ ਵੱਲੋਂ ਵਿਦਿਆਰਥੀਆਂ ਦੀ ਭਲਾਈ ਅਤੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਚੱਲ ਰਹੀਆਂ ਵੱਖ-ਵੱਖ ਸਕੀਮਾਂ ਨੂੰ ਸੁਚੱਜੇ ਢੰਗ ਨਾਲ ਲਾਗੂ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਸਿੱਖਿਆ ਅਧਿਕਾਰੀਆਂ ਨਾਲ ਹਲਕੇ ਦੇ ਸਕੂਲਾਂ ਦੀਆਂ ਭਵਿੱਖੀ ਯੋਜਨਾਵਾਂ ਉਪਰ ਚਰਚਾ ਕੀਤੀ ਤੇ ਆਪਣੇ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਾਅਦਾ ਵੀ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਹਲਕੇ ਦੇ ਕਿਸੇ ਵੀ ਸਕੂਲ ਵਿੱਚ ਕੋਈ ਕੰਮ ਅਧੂਰਾ ਹੈ ਤਾਂ ਉਹ ਬੇਝਿਜਕ ਹੋ ਕੇ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ ਤਾਂ ਜੋ ਅਧੂਰੇ ਪਏ ਕੰਮ ਨੂੰ ਵੀ ਜਲਦ ਤੋਂ ਜਲਦ ਪੂਰਾ ਕੀਤਾ ਜਾ ਸਕੇ।

ਇਸ ਮੌਕੇ ਵਿਧਾਇਕ ਦਹੀਯਾ ਨੇ ਕਿਹਾ ਕਿ ਸਿੱਖਿਆ ਦਾ ਮਿਆਰ ਉਚਾ ਚੁੱਕਣਾ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਟੀਚਾ ਹੈ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਿੱਖਿਆ ਦੇ ਵਿਕਾਸ ਪੱਖੀ ਸੋਚ ਦੀ ਸ਼ਲਾਘਾ ਕਰਦਿਆਂ ਕਿਹਾ ਕਿ 'ਸਕੂਲ ਆਫ਼ ਐਮੀਨੈਂਸ' ਹੋਣਹਾਰ ਵਿਦਿਆਰਥੀਆਂ ਦੇ ਰੌਸ਼ਨ ਭਵਿੱਖ ਦੀਆਂ ਸੰਸਥਾਵਾਂ ਵਜੋਂ ਸਿੱਖਿਆ ਖੇਤਰ ਵਿਚ ਨਵਾਂ ਇਨਕਲਾਬ ਲੈ ਕੇ ਆਏ ਹਨ ਅੱਜ ਇਨ੍ਹਾਂ ਸਕੂਲਾਂ ਦੇ ਹੋਣਹਾਰ ਅਤੇ ਕਾਬਲ ਵਿਦਿਆਰਥੀਆਂ ਖਾਸ ਕਰਕੇ ਸਰਕਾਰੀ ਸਕੂਲਾਂ ਦੇ ਬੱਚੇ ਮੁਕਾਬਲੇ ਦੀਆਂ ਪ੍ਰੀਖਿਆਵਾਂ 'ਚ ਦੇਸ਼ ਦੇ ਬਾਕੀ ਬੱਚਿਆਂ ਨੂੰ ਪਛਾੜ ਕੇ ਚੰਗੇ ਰੈਂਕ ਹਾਸਲ ਕਰ ਰਹੇ ਹਨ।

ਇਸ ਮੌਕੇ ਸ਼੍ਰੀਮਤੀ ਮੁਨੀਲਾ ਅਰੋੜਾ ਜ਼ਿਲ੍ਹਾ ਸਿੱਖਿਆ ਅਫ਼ਸਰ ਸਕੈਂਡਰੀ ਫ਼ਿਰੋਜ਼ਪੁਰ, ਸ਼੍ਰੀਮਤੀ ਸੁਨੀਤਾ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ, ਡਾ. ਸਤਿੰਦਰ ਸਿੰਘ ਉੱਪ ਜ਼ਿਲਾ ਸਿੱਖਿਆ ਅਫਸਰ ਸੈਕੰਡਰੀ , ਸ੍ਰੀ ਕੋਮਲ ਅਰੋੜਾ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ, ਸੁਮਨਦੀਪ ਕੌਰ, ਪੀ.ਏ. ਟੂ ਐਮ.ਐਲ.ਏ. ਸ. ਰੌਬੀ ਸੰਧੂ, ਸ. ਅੰਮ੍ਰਿਤ ਪਾਲ ਬਰਾੜ, ਸ. ਜਸਵਿੰਦਰ ਸਿੰਘ ਅਤੇ ਸ. ਇੰਦਰਜੀਤ ਸਿੰਘ, ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਤੋਂ ਇਲਾਵਾ ਸਰਬਜੀਤ ਸਿੰਘ ਏ.ਸੀ.ਪੀ. ਜਨਰਲ, ਸ. ਵਰਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬੀਆਂ ਨੂੰ ਦਿੱਤਾ ਦੀਵਾਲੀ ਦਾ ਵੱਡਾ ਤੋਹਫ਼ਾ : ਵਿਧਾਇਕ ਰਜਨੀਸ਼ ਦਹੀਯਾ

# ਹੁਣ ਪੰਜਾਬ ਵਿਚ ਬਿਨਾਂ ਐਨ.ਓ.ਸੀ. ਤੋਂ ਹੋਣਗੀਆਂ ਰਜਿਸਟਰੀਆਂ



**ਫ਼ਿਰੋਜ਼ਪੁਰ, 26 ਅਕਤੂਬਰ (ਸੁਖਮੰਦਰ ਸਿੰਘ ਸ਼ਾਤ)**- ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਸ਼੍ਰੀ ਰਜਨੀਸ਼ ਦਹੀਯਾ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੇ ਯਤਨਾਂ ਸਦਕਾ ਪੰਜਾਬ ਵਿੱਚ ਅਣ-ਅਧਿਕਾਰਤ ਕਲੋਨੀਆਂ ਦੀ ਰਜਿਸਟਰੀ ਲਈ ਐਨਓਸੀ ਦੀਆਂ ਸ਼ਰਤਾਂ ਨੂੰ ਖਤਮ ਕਰਨ ਦੇ ਪ੍ਰਸਤਾਵ ਨੂੰ ਰਾਜਪਾਲ ਵੱਲੋਂ ਮਨਜ਼ੂਰੀ ਦੇ ਦਿੱਤੀ ਗਈ ਹੈ। ਹੁਣ ਲੋਕਾਂ ਨੂੰ ਰਜਿਸਟਰੀਆਂ ਕਰਵਾਉਣ ਦੇ ਲਈ ਮੁਸ਼ਕਲਾਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

ਸ਼੍ਰੀ ਰਜਨੀਸ਼ ਦਹੀਯਾ ਨੇ ਕਿਹਾ ਕਿ ਹੁਣ ਇਨ੍ਹਾਂ ਕਲੋਨੀਆਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਬੁਨਿਆਦੀ ਸਰਕਾਰੀ ਸਹੂਲਤਾਂ ਵੀ ਮਿਲ ਸਕਣਗੀਆਂ। ਇਸ ਤੋਂ ਪਹਿਲਾਂ ਅਣਅਧਿਕਾਰਤ ਹੋਣ ਕਾਰਨ ਉਹ ਕਈ ਤਰ੍ਹਾਂ ਦੀਆਂ ਸਰਕਾਰੀ ਸਹੂਲਤਾਂ ਤੋਂ ਵਾਂਝੇ ਸਨ ਅਤੇ ਉਨ੍ਹਾਂ ਦੀਆਂ ਰਜਿਸਟਰੀਆਂ ਵੀ ਨਹੀਂ ਹੋ ਰਹੀਆਂ ਸਨ, ਜਿਸ ਕਾਰਨ ਉਨ੍ਹਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸਭ ਤੋਂ ਵੱਡੀ ਚਿੰਤਾ ਇਹ ਹੈ ਕਿ ਆਮ ਲੋਕ ਆਪਣੀ ਸਾਰੀ ਜ਼ਿੰਦਗੀ ਦੀ ਬੱਚਤ ਸ਼ਹਿਰ ਵਿੱਚ ਜ਼ਮੀਨ ਅਤੇ ਮਕਾਨ ਖਰੀਦਣ ਲਈ ਲਗਾ ਦਿੰਦੇ ਹਨ। ਉਨ੍ਹਾਂ ਨੂੰ ਇਨਸਾਫ਼ ਦਿਵਾਉਣਾ ਸਰਕਾਰ ਦਾ ਫਰਜ਼ ਹੈ। ਇਸ ਦੇ ਲਈ ਪੰਜਾਬ ਸਰਕਾਰ ਨੇ ਇਹ ਬਿੱਲ 'ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ (ਸੋਧ) ਐਕਟ-2024' ਪਿਛਲੇ ਵਿਧਾਨ ਸਭਾ ਸੈਸ਼ਨ ਵਿੱਚ ਲਿਆਂਦਾ ਸੀ, ਜਿਸ ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ ਸੀ। ਇਸ ਤੋਂ ਪਹਿਲਾਂ ਇਸ ਮਾਮਲੇ 'ਤੇ ਪੰਜਾਬ ਮੰਤਰੀ ਮੰਡਲ ਦੀ ਵਿਸ਼ੇਸ਼ ਮੀਟਿੰਗ ਵੀ ਹੋਈ ਸੀ, ਜਿਸ 'ਚ ਐਨਓਸੀ ਦੀਆਂ ਸ਼ਰਤਾਂ ਖ਼ਤਮ ਕਰਨ ਦਾ ਫ਼ੈਸਲਾ ਲਿਆ ਗਿਆ ਸੀ।

ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਗੈਰ-ਕਾਨੂੰਨੀ ਕਲੋਨੀਆਂ ਦਾ ਮਸਲਾ 2018 ਤੋਂ ਪਹਿਲਾਂ ਤੋਂ ਲਟਕਿਆ ਹੋਇਆ ਸੀ, ਪਰ ਪਿਛਲੀ ਸਰਕਾਰ ਨੇ ਇਸ ਦਾ ਹੱਲ ਨਹੀਂ ਕੀਤਾ। ਆਪ' ਸਰਕਾਰ ਨੇ ਲੱਖਾਂ ਲੋਕਾਂ ਦੀਆਂ ਮੁਸ਼ਕਲਾਂ ਅਤੇ ਮਾਲੀ ਨੁਕਸਾਨ ਦੇ ਮੱਦੇਨਜ਼ਰ 'ਐਨਓਸੀ ਦੀ ਵਿਵਸਥਾ ਨੂੰ ਖਤਮ ਕਰਕੇ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਆਸਾਨ ਬਣਾਉਣ ਲਈ ਇਹ ਇਤਿਹਾਸਕ ਫੈਸਲਾ ਲਿਆ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ 'ਚ ਬੈਠੇ ਆਗੂਆਂ ਨੇ ਆਪਣੇ ਨਿੱਜੀ ਮੁਫ਼ਾਦਾਂ ਲਈ ਬਿਲਡਰਾਂ ਨਾਲ ਮਿਲੀਭੁਗਤ ਕਰਕੇ ਅਜਿਹੀਆਂ ਕਲੋਨੀਆਂ ਕੱਟ ਕੇ ਕਰੋੜਾਂ-ਅਰਬਾਂ ਰੁਪਏ ਕਮਾਏ। ਉਨ੍ਹਾਂ ਦੇ ਨਿੱਜੀ ਹਿੱਤਾਂ ਕਾਰਨ ਹੀ ਇਹ ਸਮੱਸਿਆ ਪੈਦਾ ਹੋਈ ਅਤੇ ਲੋਕਾਂ ਨੂੰ ਨੁਕਸਾਨ ਉਠਾਉਣਾ ਪਿਆ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਇਸ ਨਵੇਂ ਕਾਨੂੰਨ ਵਿੱਚ ਐਨਓਸੀ ਦੀਆਂ ਹੋਰ ਸ਼ਰਤਾਂ ਦੇ ਨਾਲ-ਨਾਲ ਗੈਰ-ਕਾਨੂੰਨੀ ਕਲੋਨੀਆਂ ਨੂੰ ਖਤਮ ਕਰਨ ਦੀ ਮਿਤੀ ਵੀ ਤੈਅ ਕੀਤੀ ਗਈ ਹੈ। ਸ਼ਰਤਾਂ ਅਨੁਸਾਰ 2018 ਤੋਂ ਬਾਅਦ ਅਤੇ 31 ਜੁਲਾਈ 2024 ਤੋਂ ਪਹਿਲਾਂ ਕਲੋਨੀ ਬਣ ਕੇ ਤਿਆਰ ਹੋਣੀ ਚਾਹੀਦੀ ਹੈ ਤਾਂ ਹੀ ਐਨਓਸੀ ਵਿੱਚ ਛੋਟ ਮਿਲੇ।

# ਸ਼੍ਰੀ ਚੱਕਰਪਾਣੀ ਮਹਾਰਾਜ ਦੀਆਂ ਸਿੱਖਿਆਵਾਂ ਜੀਵਨ ਲਈ ਉਪਯੋਗੀ ਹਨ: ਸਾਗਰ ਮੁਨੀ ਸ਼ਾਸਤਰੀ

ਚੌਂਕ ਮਹਿਤਾ 26ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)ਭਾਰਤ ਨੂੰ ਰਿਸ਼ੀ-ਮੁਨੀਆਂ ਦੀ ਧਰਤੀ ਕਿਹਾ ਜਾਂਦਾ ਹੈ। ਜੇਕਰ ਇਤਿਹਾਸ 'ਤੇ ਨਜ਼ਰ ਮਾਰੀਏ ਤਾਂ ਇੱਥੇ ਬਹੁਤ ਸਾਰੇ ਰਿਸ਼ੀ-ਮਹਾਂਪੁਰਸ਼ਾਂ ਨੇ ਅਵਤਾਰ ਧਾਰਿਆ ਅਤੇ ਮਨੁੱਖ ਨੂੰ ਜੀਵਨ ਜਿਊਣ ਦਾ ਉਪਦੇਸ਼ ਦਿੱਤਾ ਹੈ, ਜੋ ਕਿ ਚੌਂਕ ਪਾਸੀਆਂ ਸਥਿਤ ਪ੍ਰਾਚੀਨ ਮੰਦਰ ਸ਼੍ਰੀ ਜੈ ਕ੍ਰਿਸ਼ਣਯਨ ਵਿੱਚ ਮਨਾਇਆ ਗਿਆ। ਜਿਸ ਵਿੱਚ ਦੇਵਪੂਜਾ, ਪੂਜਾ ਪਾਠ, ਗਿਆਨ ਸੈਸ਼ਨ ਅਤੇ ਸੰਕੀਰਤਨ ਸੈਸ਼ਨ ਕਰਵਾਇਆ ਗਿਆ ਅਤੇ ਸ਼੍ਰੀ ਚੱਕਰਪਾਣੀ ਮਹਾਰਾਜ ਦੀ ਪ੍ਰਾਚੀਨ ਮੂਰਤੀ ਦਾ ਭੋਗ ਪਾਇਆ ਗਿਆ। ਇਸ ਪ੍ਰੋਗਰਾਮ ਵਿੱਚ ਸ਼ਰਧਾਲੂਆਂ ਨੂੰ ਸੰਬੋਧਿਤ ਕਰਦੇ ਹੋਏ ਮੰਦਰ ਦੇ ਸੰਚਾਲਕ ਨੌਜਵਾਨ ਸੰਤ ਦਰਸ਼ਨਾਚਾਰੀਆ ਸਾਗਰ ਮੁਨੀ ਸ਼ਾਸਤਰੀ ਜੀ ਨੇ ਕਿਹਾ ਕਿ ਸ਼੍ਰੀ ਚੱਕਰਪਾਣੀ ਮਹਾਰਾਜ ਸ਼੍ਰੀ ਕ੍ਰਿਸ਼ਨ ਮਹਾਰਾਜ ਦੇ ਕਲਿਯੁਗ ਅਵਤਾਰ ਹਨ ਜਿਨ੍ਹਾਂ ਨੇ 1200 ਈਸਵੀ ਦੇ ਆਸਪਾਸ ਫਲਟਨ, ਮਹਾਰਾਸ਼ਟਰ ਵਿੱਚ ਅਵਤਾਰ ਧਾਰਿਆ ਸੀ। ਕਈ ਸਮਾਜ ਸੁਧਾਰਕ ਉਪਦੇਸ਼ ਸ਼੍ਰੀ ਚੱਕਰਪਾਣੀ ਮਹਾਰਾਜ ਦੇ ਚਰਿੱਤਰ ਤੋਂ ਲਏ ਗਏ ਹਨ, ਜਿਨ੍ਹਾਂ ਨੇ ਖੁਦ ਝਾੜੂ ਲਗਾ ਕੇ ਸਮਾਜ ਨੂੰ ਸਵੱਛਤਾ ਦਾ ਸੰਦੇਸ਼ ਦਿੱਤਾ ਸੀ। ਇਸ ਪ੍ਰੋਗਰਾਮ ਵਿੱਚ ਮੰਦਰ ਦੇ ਮੁੱਖ ਸੇਵਾਦਾਰ ਅੰਜਨਾ ਲੂਥਰਾ, ਨੀਲਮ ਮਹਾਜਨ, ਅਰੁਣ ਚੌਹਾਨ, ਦੇਵਦਾਸ ਬਾਵਾ, ਕੀਮਤੀ ਲਾਲ ਗੁਲਾਟੀ, ਗੌਤਮ ਸਰੀਨ ਆਦਿ ਸ਼ਰਧਾਲੂ ਹਾਜ਼ਰ ਸਨ।



# ਅਕਾਲ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਅਤੇ ਇੰਜਨੀਅਰਿੰਗ ਵਿਭਾਗ ਵੱਲੋਂ ਸ਼ਖ਼ਸੀਅਤ ਉਸਾਰੀ ਸੰਬੰਧੀ ਵਿਸ਼ੇਸ਼ ਲੈਕਚਰ ਦਾ ਆਯੋਜਨ



ਤਲਵੰਡੀ ਸਾਬੋ, 26 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਅਤੇ ਇੰਜਨੀਅਰਿੰਗ ਵਿਭਾਗ ਵੱਲੋਂ ਸ਼ਖ਼ਸੀਅਤ ਉਸਾਰੀ ਸੰਬੰਧੀ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਕਰਨਲ ਉਰਵਿੰਦਰ ਸਿੰਘ ਦੀ ਅਗਵਾਈ ਵਾਲੇ ਇਸ ਸੈਸ਼ਨ ਵਿੱਚ ਨਿੱਜੀ ਅਤੇ ਪੇਸ਼ੇਵਰ ਵਿਕਾਸ ਦੇ ਮਹੱਤਵਪੂਰਨ ਪਹਿਲੂਆਂ ਬਾਰੇ ਜਾਣਨ ਲਈ ਉਤਸੁਕ 200 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਸਮਾਗਮ ਦੀ ਸ਼ੁਰੂਆਤ ਯੂਨੀਵਰਸਿਟੀ ਅਕਾਦਮਿਕ ਮਾਮਲਿਆਂ ਦੇ ਡੀਨ ਮੇਜਰ ਜਨਰਲ ਜੀ.ਐਸ. ਲਾਂਬਾ ਦੇ ਸੁਆਗਤੀ ਭਾਸ਼ਣ ਨਾਲ ਹੋਈ। ਉਹਨਾਂ ਨੇ ਵਿਦਿਆਰਥੀਆਂ ਦੇ ਭਵਿੱਖ ਨੂੰ ਸਕਾਰਾਤਮਕ ਆਕਾਰ ਦੇਣ ਲਈ ਸ਼ਖ਼ਸੀਅਤ ਉਸਾਰੀ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਪਰੰਤ ਕਰਨਲ ਉਰਵਿੰਦਰ ਸਿੰਘ ਨੇ ਇੱਕ ਪ੍ਰੇਰਣਾਦਾਇਕ ਭਾਸ਼ਣ ਦਿੱਤਾ, ਜਿਸ ਵਿੱਚ ਚਰਿੱਤਰ ਨਿਰਮਾਣ, ਹੁਨਰ ਵਧਾਉਣਾ, ਟੀਚਾ ਨਿਰਧਾਰਤ ਕਰਨਾ, ਅਤੇ ਇੱਕ ਸਕਾਰਾਤਮਕ ਮਾਨਸਿਕਤਾ ਬਣਾਈ ਰੱਖਣ ਸਮੇਤ ਸਫਲਤਾ ਲਈ ਜ਼ਰੂਰੀ ਮੁੱਖ ਖੇਤਰਾਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਉਹਨਾਂ ਨੇ ਵਿਅਕਤੀਗਤ ਅਤੇ ਪੇਸ਼ੇਵਰ ਪ੍ਰਾਪਤੀ ਦੋਵਾਂ ਲਈ ਇਮਾਨਦਾਰ ਤੇ ਮਜ਼ਬੂਤ ਨੈਤਿਕ ਬੁਨਿਆਦ ਨੂੰ ਉਤਸ਼ਾਹਤ ਕਰਨ ਦੀ ਜ਼ਰੂਰਤ ਨੂੰ ਦਰਸਾਇਆ। ਇਸ ਤੋਂ ਇਲਾਵਾ ਕਰਨਲ ਸਾਹਿਬ ਨੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਰਹਿਣ ਅਤੇ ਨਿਰੰਤਰ ਸੁਧਾਰ 'ਤੇ ਕੇਂਦ੍ਰਿਤ ਰਹਿਣ ਲਈ ਯਥਾਰਥਕ ਅਤੇ ਪ੍ਰਾਪਤੀ ਯੋਗ ਟੀਚੇ ਨਿਰਧਾਰਤ ਕਰਨ ਲਈ ਪ੍ਰੇਰਿਤ ਕੀਤਾ। ਇਸ ਸਮਾਗਮ ਦਾ ਸੰਚਾਲਨ ਮਲਿਕ ਮੁਜ਼ਾਮਿਲ ਅਤੇ ਸੰਦੀਪ ਕੌਰ ਨੇ ਕੁਸ਼ਲਤਾ ਨਾਲ ਕੀਤਾ, ਜਿਸ ਵਿੱਚ ਵਿਦਿਆਰਥੀ ਕੋਆਰਡੀਨੇਟਰ ਪ੍ਰਭਜੋਤ ਸਿੰਘ ਅਤੇ ਕਿਰਨਪ੍ਰੀਤ ਕੌਰ ਨੇ ਮੁੱਖ ਭੂਮਿਕਾ ਨਿਭਾਈ। ਅੰਤ ਵਿਚ ਵਿਭਾਗ ਦੇ ਮੁਖੀ ਡਾ. ਉਪਿੰਦਰ ਕੌਰ ਨੇ ਧੰਨਵਾਦੀ ਸ਼ਬਦਾਂ ਰਾਹੀਂ ਕਰਨਲ ਉਰਵਿੰਦਰ ਸਿੰਘ ਦਾ ਪ੍ਰੇਰਕ ਅਤੇ ਸੂਝ ਭਰਪੂਰ ਭਾਸ਼ਣ ਲਈ ਧੰਨਵਾਦ ਕੀਤਾ। ਇਸ ਮੌਕੇ ਵਿਭਾਗ ਦੇ ਫੈਕਲਟੀ ਮੈਂਬਰ ਵੀ ਹਾਜ਼ਰ ਸਨ, ਜਿਹਨਾਂ ਨੇ ਸਮੁੱਚੇ ਸਮਾਗਮ ਦੀ ਸਫ਼ਲਤਾ ਵਿੱਚ ਯੋਗਦਾਨ ਪਾਇਆ।

# ਬੀ.ਡੀ.ਪੀ.ਓ ਧੂਰੀ ਪ੍ਰਦੀਪ ਸ਼ਾਰਦਾ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਬਾਰੇ ਸੁਚੇਤ ਕਰਨ ਲਈ ਵੱਖ-ਵੱਖ ਪਿੰਡਾਂ ਦਾ ਦੌਰਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਐਸ.ਡੀ.ਐਮ ਧੂਰੀ ਵਿਕਾਸ ਹੀਰਾ ਦੀ ਅਗਵਾਈ ਹੇਠ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਪ੍ਰਦੀਪ ਕੁਮਾਰ ਸ਼ਾਰਦਾ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਬਾਰੇ ਸੁਚੇਤ ਕਰਨ ਲਈ ਪਿਛਲੇ ਕਈ ਦਿਨਾਂ ਤੋਂ ਲਗਾਤਾਰ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਜਾ ਰਿਹਾ ਹੈ। ਆਪਣੇ ਦਫਤਰ ਵਿਖੇ ਬਲਾਕ ਧੂਰੀ ਦੇ ਅਧਿਕਾਰੀਆਂ ਨਾਲ ਇਸ ਵਿਸ਼ੇ ਬਾਰੇ ਸਮੀਖਿਆ ਮੀਟਿੰਗਾਂ ਕਰਨ ਤੋਂ ਇਲਾਵਾ ਸ਼੍ਰੀ ਸ਼ਾਰਦਾ ਵੱਲੋਂ ਬੱਬਨਪੁਰ, ਬੰਗਾਵਾਲੀ, ਬੇਨੜਾ, ਬਰੜਵਾਲ, ਭਲਵਾਨ, ਬੁਗਰਾ, ਧਾਂਦਰਾ, ਧੂਰਾ, ਦੁਹਲਾ, ਮੀਮਸਾ, ਰੁਲਦੂ ਸਿੰਘ ਵਾਲਾ, ਖੇੜੀ ਜੱਟਾਂ, ਬੁਰਜ ਸੈਦਾ ਆਦਿ ਪਿੰਡਾਂ ਵਿੱਚ ਆਪਣੀ ਟੀਮ ਸਮੇਤ ਦੌਰਾ ਕੀਤਾ ਗਿਆ ਅਤੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਗਈ। ਬੀਡੀਪੀਓ ਪ੍ਰਦੀਪ ਸ਼ਾਰਦਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਵੀ ਪਰਾਲੀ ਦੇ ਯੋਗ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਘਾਟ ਆਉਂਦੀ ਹੈ ਤਾਂ ਉਹ ਉਹਨਾਂ ਨਾਲ ਸੰਪਰਕ ਕਰ ਸਕਦਾ ਹੈ। ਉਹਨਾਂ ਦੱਸਿਆ ਕਿ ਜਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਦੀ ਅਗਵਾਈ ਹੇਠ ਹਰੇਕ ਪਿੰਡ ਦੇ ਕਿਸਾਨ ਦੀ ਖੇਤੀ ਮਸ਼ੀਨਰੀ ਸਬੰਧੀ ਜਰੂਰਤ ਨੂੰ ਪੂਰਾ ਕਰਨ ਲਈ ਨੋਡਲ ਅਧਿਕਾਰੀ ਤਾਇਨਾਤ ਕੀਤੇ ਗਏ ਹਨ ਤਾਂ ਜੋ ਇਸ ਸੀਜ਼ਨ ਦੌਰਾਨ ਕਿਸੇ ਵੀ ਕਿਸਾਨ ਨੂੰ ਪਰਾਲੀ ਪ੍ਰਬੰਧਨ ਲਈ ਸਮੱਸਿਆਵਾਂ ਦਾ ਸਾਹਮਣਾ ਨਾ ਕਰਨਾ ਪਵੇ।

# ਸੱਤਿਆਆ ਐਲੀਮੈਂਟਰੀ ਸਕੂਲ ਚੰਨਣਕੇ ਵਿੱਖੇ ਖੇਡਾਂ ਕਰਵਾਈਆਂ ਗਈਆਂ



**ਚੌਂਕ ਮਹਿਤਾ, 26 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਸੱਤਿਆ ਐਲੀਮੈਂਟਰੀ ਸਕੂਲ ਚੰਨਣਕੇ ਵਿੱਖੇ ਖੇਡਾਂ ਕਰਵਾਈਆਂ ਗਈਆਂ। ਜਿਸ ਵਿੱਚ ਕਬੱਡੀ, ਕੋਈ ਖੋ ਖੋ ਰੱਸਾ ਕੱਸੀ ਦੌੜਾ ਕੈਰਮ ਬੋਰਡ ਚੈਸ ਆਦਿ ਹੋਰ ਬਹੁਤ ਸਾਰੀਆਂ ਵਿਦਿਆਰਥੀਆਂ ਦੇ ਵਿਚਕਾਰ ਖੇਡਾਂ ਕਰਵਾਈਆਂ ਗਈਆਂ। ਜੇਤੂ ਬੱਚਿਆਂ ਨੂੰ ਇਨਾਮ, ਅਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਖੇਡਾਂ ਦਾ ਉਦਘਾਟਨ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਨੇ ਕੀਤਾ ਗਿਆ। ਇਸ ਮੌਕੇ ਤੇ ਬੂਟਾ ਸਿੰਘ ਜਲਾਲ ਉਸਮਾ, ਜਸਵਿੰਦਰ ਸਿੰਘ ਰਵੀ, ਸੁਖਜਿੰਦਰ ਸਿੰਘ ਨੰਬਰਦਾਰ,ਅਮਰਿੰਦਰ ਸਿੰਘ ਬਾਪ ਨਾਥ ਦੀ ਖੂੰਹੀ, ਸਕੂਲ ਦੀ ਮੁੱਖ ਅਧਿਆਪਕ ਸ੍ਰੀ ਮਤੀ ਨਵਨੀਤ ਕੌਰ, ਗੁਰਮੀਤ ਕੌਰ, ਲਵਦੀਪ ਕੌਰ, ਸੁਖਬੀਰ ਕੌਰ, ਜਗਿੰਦਰ ਕੌਰ, ਸਹਿਜਦੀਪ ਕੌਰ, ਸੰਦੀਪ ਕੌਰ, ਪਵਨਦੀਪ ਕੌਰ ਜਸਮੀਤ ਕੌਰ ਆਦਿ ਹਾਜ਼ਰ ਸਨ।

**ਅਮਰੀਕਾ ਦੇ ਜਸਟਿਸ ਡਿਪਾਰਟਮੈਂਟ ਵੱਲੋ ਅਮਰੀਕਾ-ਕੈਨੇਡਾ ਦੇ ਦੋਹਰੀ ਨਾਗਰਿਕਤਾ ਪ੍ਰਾਪਤ ਗੁਰਪਤਵੰਤ ਪੰਨੂ ਦੀ ਹੱਤਿਆ ਦੀ ਸਾਜ਼ਿਸ਼ ਰਚਣ ਵਾਲਾ ਇੰਡੀਆ**

# ਉਸਦੇ ਕਤਲ ਦੇ ਦੋਸ਼ ਤੋ ਕਿਵੇ ਬਚ ਸਕਦੈ ? : ਮਾਨ



ਨਵੀਂ ਦਿੱਲੀ, 26 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- "ਜਦੋ ਅਮਰੀਕਾ-ਕੈਨੇਡਾ ਦੀ ਦੋਹਰੀ ਨਾਗਰਿਕਤਾ ਦਾ ਹੱਕ ਸ. ਗੁਰਪਤਵੰਤ ਸਿੰਘ ਪੰਨੂ ਨੂੰ ਇੰਡੀਆ ਵੱਲੋ ਮਾਰਨ ਦੀ ਬਣਾਈ ਸਾਜਿਸ ਸੰਪੂਰਨ ਰੂਪ ਵਿਚ ਸੰਸਾਰ ਸਾਹਮਣੇ ਨਸਰ ਹੋ ਚੁੱਕੀ ਹੈ, ਫਿਰ ਇੰਡੀਆਂ ਇਸ ਗੱਲ ਤੋ ਕਿਵੇ ਬਚ ਸਕਦਾ ਹੈ ਕਿ ਉਸਨੇ ਕੈਨੇਡਾ, ਬਰਤਾਨੀਆ, ਪਾਕਿਸਤਾਨ ਅਤੇ ਇੰਡੀਆ ਵਿਚ ਨਾਮਵਰ ਆਜਾਦੀ ਚਾਹੁੰਣ ਵਾਲੇ ਖਾਲਿਸਤਾਨੀਆਂ ਨੂੰ ਕੌਮਾਂਤਰੀ ਕਾਨੂੰਨ ਦੀ ਉਲੰਘਣਾ ਕਰਕੇ ਆਪਣੀਆ ਖੂਫੀਆ ਏਜੰਸੀਆ ਰਾਹੀ ਭਾੜੇ ਦੇ ਟੱਟੂ ਖਰੀਦਕੇ ਕਤਲ ਕਰਵਾ ਚੁੱਕਾ ਹੈ ।ਉਸ ਕੌਮਾਂਤਰੀ ਪੱਧਰ ਤੇ ਲੱਗੇ ਕਤਲ ਦੇ ਦੋਸ਼ਾਂ ਤੋ ਇੰਡੀਆ ਅੱਜ ਸੰਸਾਰ ਦੀ ਕਚਹਿਰੀ ਵਿਚ ਦੋਸ਼ੀ ਬਣਕੇ ਖੜ੍ਹਾ ਹੈ ? ਜੋ ਖੁਦ ਇੰਡੀਆ ਦੀ ਸਰਕਾਰ ਆਜਾਦੀ ਚਾਹੁੰਣ ਵਾਲੇ ਖਾਲਿਸਤਾਨੀ ਸਿੱਖਾਂ ਦੀ ਕਾਤਲ ਹੈ, ਜਿਸ ਉਤੇ ਅਮਰੀਕਾ ਤੇ ਕੈਨੇਡਾ ਨੇ ਆਪਣੇ ਸਿੱਖ ਨਾਗਰਿਕਾਂ ਦਾ ਕਤਲ ਕਰਨ ਦੀ ਸਾਜਿਸ ਅਤੇ ਕਤਲ ਕਰਨ ਦੇ ਦੋਸ਼ੀਆਂ ਨੂੰ ਸੰਮਨ ਜਾਰੀ ਕੀਤੇ ਹੋਏ ਹਨ ਅਤੇ ਉਨ੍ਹਾਂ ਵਿਚੋ ਕੁਝ ਨੂੰ ਗ੍ਰਿਫਤਾਰ ਵੀ ਕੀਤਾ ਗਿਆ ਹੈ । ਆਪਣੇ ਕੌਮਾਂਤਰੀ ਕਾਨੂੰਨਾਂ ਤੇ ਮਨੁੱਖੀ ਅਧਿਕਾਰਾਂ ਦੇ ਘੋਰ ਉਲੰਘਣ ਕਰਕੇ ਦੋਸ਼ੀ ਇੰਡੀਆਂ ਲੱਖਾਂ ਦੀ ਗਿਣਤੀ ਵਿਚ ਖਾਲਿਸਤਾਨੀਆ ਦੀ ਸੂਚੀ ਫਾਈਵ ਆਈ ਮੁਲਕਾਂ ਨੂੰ ਕਿਸ ਤਰ੍ਹਾਂ ਦੇ ਸਕਦਾ ਹੈ ? ਜੋ ਕਿ ਕਿਸੇ ਤਰ੍ਹਾਂ ਵੀ ਸੰਭਵ ਨਹੀ । ਇਹ ਸੂਚੀ ਦੇਣ ਦਾ ਮਕਸਦ ਕੀ ਹੈ ? ਕੀ ਲੱਖਾਂ ਦੀ ਗਿਣਤੀ ਵਿਚ ਆਜਾਦ ਮੁਲਕ ਨੂੰ ਕਾਇਮ ਕਰਨ ਦੀ ਚਾਹਨਾ ਰੱਖਣ ਵਾਲੇ ਸਿਰੜੀ ਸਿੱਖਾਂ ਨੂੰ ਇੰਡੀਆ ਇਕ ਸਾਜਿਸ ਤਹਿਤ ਮਰਵਾਉਣ ਜਾਂ ਉਨ੍ਹਾਂ ਨੂੰ ਆਪਣੇ ਮੁਲਕ ਇੰਡੀਆ ਵਾਪਸ ਮੰਗਵਾਉਣ ਦੀ ਗੈਰ ਵਿਧਾਨਿਕ ਅਮਲ ਕਰਨਾ ਚਾਹੁੰਦਾ ਹੈ । ਜਾਂ ਫਿਰ ਸਿੱਖ ਕੌਮ ਉਤੇ ਜ਼ਬਰ ਜੁਲਮ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਹਿੰਦੂ ਇੰਡੀਆ ਵੱਲੋ ਆਜਾਦੀ ਚਾਹੁੰਣ ਵਾਲੇ ਸਿੱਖਾਂ ਦੇ ਕਤਲ ਕਰਨ ਦੇ ਦੋਸ਼ ਨੂੰ ਧੁੰਦਲਾ ਕਰਨ ਹਿੱਤ ਲੱਖਾਂ ਦੀ ਗਿਣਤੀ ਵਿਚ ਫਾਈਵ ਆਈ ਮੁਲਕਾਂ ਨੂੰ ਖਾਲਿਸਤਾਨੀਆ ਦੀ ਸੂਚੀ ਦੇਣ ਦੀ ਕੀਤੀ ਗੱਲ ਉਤੇ ਡੂੰਘਾਂ ਸੱਕੀ ਪ੍ਰਸ਼ਨਚਿੰਨ੍ਹ ਲਗਾਉਦੇ ਹੋਏ ਅਤੇ ਫਾਈਵ ਆਈ ਮੁਲਕਾਂ ਨੂੰ ਨਿਰਦੋਸ਼ ਸਿੱਖਾਂ ਨੂੰ ਸਾਜਸੀ ਢੰਗਾਂ ਰਾਹੀ ਕਤਲ ਕਰਵਾਉਣ ਦੇ ਕੀਤੇ ਜਾ ਰਹੇ ਅਮਲਾਂ ਉਤੇ ਇਸੇ ਤਰ੍ਹਾਂ ਕੌਮਾਂਤਰੀ ਪੱਧਰ ਤੇ ਸਖਤ ਸਟੈਂਡ ਰੱਖਦੇ ਹੋਏ ਕੌਮਾਂਤਰੀ ਕਾਨੂੰਨਾਂ ਅਨੁਸਾਰ ਇੰਟਰਨੈਸ਼ਨਲ ਕਰੀਮੀਨਲ ਕੋਰਟ ਆਫ ਹੇਂਗ ਰਾਹੀ ਸਜ਼ਾ ਦਿਵਾਉਣ ਦੀ ਗੰਭੀਰ ਅਪੀਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜਦੋਂ ਸਿੱਖਾਂ ਦੇ ਕਤਲ ਦਾ ਦੋਸ਼ੀ ਇੰਡੀਆਂ ਅੱਜ ਸੰਸਾਰ ਦੀ ਕਚਹਿਰੀ ਦੇ ਚੌਰਾਹੇ ਵਿਚ ਦੋਸ਼ੀ ਬਣਕੇ ਖੜ੍ਹਾ ਹੈ ਅਤੇ ਸੰਸਾਰ ਪੱਧਰ ਤੇ ਇੰਡੀਆਂ ਮਨੁੱਖੀ ਅਧਿਕਾਰਾਂ ਦੇ ਉਲੰਘਣ ਅਤੇ ਨਿਰਦੋਸ਼ਾਂ ਦੇ ਕਤਲ ਕਰਨ ਦੀ ਬਣਾਈ ਜਾਬਰ ਨੀਤੀ ਤੋਂ ਤੋਬਾ ਕਰਕੇ ਸਿੱਖ ਕੌਮ ਨੂੰ ਪੂਰਨ ਰੂਪ ਵਿਚ 1947 ਦੇ ਸਿੱਖ ਕੌਮ ਨਾਲ ਕੀਤੇ ਇਕਰਾਰ-ਵਾਅਦੇ ਅਨੁਸਾਰ ਉੱਤਰੀ ਭਾਰਤ ਵਿਚ ਸਿੱਖ ਕੌਮ ਨੂੰ ਆਜਾਦੀ ਦਾ ਨਿੱਘ ਮਾਨਣ ਲਈ ਦਿੱਤੇ ਜਾਣ ਵਾਲੇ ਖਿੱਤੇ ਅਨੁਸਾਰ ਪੂਰਨ ਰੂਪ ਵਿਚ ਆਜਾਦ ਕਰਕੇ ਸਿੱਖ ਕੌਮ ਦਾ ਖਾਲਿਸਤਾਨ ਸਟੇਟ ਬਣਾਉਣ ਵਿਚ ਆਪਣੀ ਇਖਲਾਕੀ ਜਿੰਮੇਵਾਰੀ ਨਿਭਾਏ । ਇੰਡੀਆ, ਚੀਨ, ਪਾਕਿਸਤਾਨ ਤੇ ਸਮੁੱਚੇ ਏਸੀਆ ਖਿੱਤੇ ਵਿਚ ਸਥਾਈ ਤੌਰ ਤੇ ਅਮਨ ਚੈਨ ਕਾਇਮ ਕਰਨ ਦਾ ਉੱਦਮ ਕਰੇ । ਇਸ ਨਾਲ ਇਹ ਸਮੁੱਚਾ ਏਸੀਆ ਖਿੱਤਾ ਜਿਥੇ ਸਦਾ ਲਈ ਜੰਗ ਰਹਿਤ ਬਣ ਜਾਵੇਗਾ ਉਥੇ ਸਮੁੱਚੇ ਏਸੀਆ ਖਿੱਤੇ ਦੇ ਨਿਵਾਸੀ ਮਾਲੀ, ਸਮਾਜਿਕ, ਧਾਰਮਿਕ ਤੌਰ ਤੇ ਆਜਾਦੀ ਪ੍ਰਾਪਤ ਕਰਦੇ ਹੋਏ ਇਕ ਦੂਸਰੇ ਦੇ ਸਹਿਯੋਗ ਨਾਲ ਅੱਗੇ ਵੱਧ ਸਕਣਗੇ । ਸ. ਮਾਨ ਨੇ ਉਮੀਦ ਪ੍ਰਗਟ ਕੀਤੀ ਕਿ ਇੰਡੀਆ ਸਮੇ ਦੀ ਨਜਾਕਤ ਨੂੰ ਪਹਿਚਾਣਦੇ ਹੋਏ ਅਤੇ ਤੀਸਰੀ ਸੰਸਾਰ ਜੰਗ ਦੇ ਬਣੇ ਗੰਭੀਰ ਹਾਲਾਤਾਂ ਨੂੰ ਮੁੱਖ ਰੱਖਦੇ ਹੋਏ ਸਿੱਖਾਂ ਨੂੰ ਕੀਤੇ ਵਾਅਦੇ ਅਨੁਸਾਰ ਤੁਰੰਤ ਆਜਾਦੀ ਪ੍ਰਦਾਨ ਕਰਕੇ ਸੰਸਾਰ ਪੱਧਰ ਤੇ ਸਿੱਖ ਕੌਮ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਨ ਦੀ ਜਿੰਮੇਵਾਰੀ ਨੂੰ ਪੂਰਨ ਕਰੇਗਾ।

**ਸਰਬ ਭਾਰਤੀ ਪ੍ਰਗਤੀਸ਼ੀਲ ਲੇਖਕ ਸੰਘ ਵੱਲੋਂ ਕਰਵਾਏ**

# ਰਾਸ਼ਟਰੀ ਸੈਮੀਨਾਰ ਵਿੱਚ ਅੰਮ੍ਰਿਤਸਰ ਦੇ ਲੇਖਕਾਂ ਨੇ ਕੀਤੀ ਸ਼ਿਰਕਤ



ਚੌਕ ਮਹਿਤਾ, 26 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ) ਸਰਬ ਭਾਰਤੀ ਪ੍ਰਗਤੀਸ਼ੀਲ ਲੇਖਕ ਸੰਘ ਵੱਲੋਂ ਪੰਜਾਬ ਕਲਾ ਪਰਿਸ਼ਦ ਦੇ ਸਹਿਯੋਗ ਨਾਲ "ਭਾਰਤੀ ਜਮਹੂਰੀਅਤ, ਸਮਾਜਿਕ ਨਿਆ ਤੇ ਸਾਹਿਤ" ਵਿਸ਼ੇ ਤੇ ਰਾਸ਼ਟਰੀ ਸੈਮੀਨਾਰ ਪੰਜਾਬ ਕਲਾ ਪ੍ਰੀਸ਼ਦ, ਕਲਾ ਭਵਨ, ਸੈਕਟਰ 16, ਚੰਡੀਗੜ੍ਹ ਵਿਖੇ ਕਰਵਾਇਆ ਗਿਆ। ਪਿਛਲੇ ਸਮੇਂ ਸਦੀਵੀ ਵਿਛੋੜਾ ਦੇ ਗਏ ਮਹਾਨ ਸਾਹਿਤਕਾਰ ਚੌਥੀ ਰਾਮ ਯਾਦਵ, ਸੁਰਜੀਤ ਪਾਤਰ ਅਤੇ ਡਾ.ਮੋਹਨਜੀਤ ਨੂੰ ਸਮਰਪਿਤ ਸੈਮੀਨਾਰ ਵਿੱਚ ਹਿੱਸਾ ਲੈਣ ਲਈ ਅੰਮ੍ਰਿਤਸਰ ਤੋਂ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਇਕਾਈ ਦੇ ਮੀਤ ਪ੍ਰਧਾਨ ਰਮੇਸ਼ ਯਾਦਵ, ਜ਼ਿਲ੍ਹਾ ਅੰਮ੍ਰਿਤਸਰ ਇਕਾਈ ਦੇ ਪ੍ਰਧਾਨ ਭੁਪਿੰਦਰ ਸਿੰਘ ਸੰਧੂ, ਜਨਰਲ ਸਕੱਤਰ ਧਰਵਿੰਦਰ ਸਿੰਘ ਔਲਖ, ਗ਼ਜ਼ਲਗੋ ਸੁਰਿੰਦਰ ਸਿੰਘ ਚੋਹਕਾ, ਪ੍ਰੋਫੈਸਰ ਬਖਤਾਵਰ ਸਿੰਘ ਧਾਲੀਵਾਲ, ਜਸਵੰਤ ਸਿੰਘ ਰੰਧਾਵਾ, ਦਿਲਬਾਗ ਸਿੰਘ ਸਰਕਾਰੀਆ, ਮਜੀਠਾ ਇਕਾਈ ਦੇ ਪ੍ਰਧਾਨ ਸੁਖਬੀਰ ਸਿੰਘ ਭੁੱਲਰ, ਮੀਤ ਪ੍ਰਧਾਨ ਨਵਜੋਤ ਕੌਰ ਨਵੂ ਭੁੱਲਰ, ਪਰਮਬੀਰ ਸਿੰਘ ਰੰਧਾਵਾ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।

## ਕੈਨੇਡਾ ਨੇ ਐਨਆਈਏ ਅਗੇ ਕੁਝ ਜਵਾਬੀ ਸਵਾਲ ਖੜ੍ਹੇ ਕਰਦਿਆਂ ਭਾਈ ਹਰਦੀਪ ਸਿੰਘ ਨਿੱਝਰ ਦੀ ਮੌਤ ਦੇ ਸਰਟੀਫਿਕੇਟ ਦੇਣ ਦੀ ਬੇਨਤੀ ਨੂੰ ਕੀਤਾ ਇਨਕਾਰ



ਨਵੀਂ ਦਿੱਲੀ 26 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਓਟਾਵਾ ਨੇ ਪਿਛਲੇ ਸਾਲ ਜੂਨ ਵਿੱਚ ਕੈਨੇਡਾ ਵਿੱਚ ਮਾਰੇ ਗਏ ਭਾਰਤੀ ਮੂਲ ਦੇ ਨਾਗਰਿਕ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਮੌਤ ਦੇ ਸਰਟੀਫਿਕੇਟ ਲਈ ਕੌਮੀ ਜਾਂਚ ਏਜੰਸੀ ਐਨਆਈਏ ਦੀ ਬੇਨਤੀ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ ਹੈ। ਜਿਕਰਯੋਗ ਹੈ ਕਿ ਭਾਰਤ ਵਿਚ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਨੂੰ ਐਨਆਈਏ ਦੁਆਰਾ ਜਾਂਚ ਕੀਤੇ ਜਾ ਰਹੇ ਨੌਂ ਮਾਮਲਿਆਂ ਵਿੱਚ ਦੋਸ਼ੀ ਬਣਾਇਆ ਗਿਆ ਸੀ ।ਐਨਆਈਏ ਨੇ ਭਾਈ ਹਰਦੀਪ ਸਿੰਘ ਨਿੱਝਰ ਦੇ ਮੌਤ ਦੇ ਸਰਟੀਫਿਕੇਟ ਲਈ ਕੈਨੇਡਾ ਤੱਕ ਪਹੁੰਚ ਕੀਤੀ ਸੀ ਤਾਂ ਜੋ ਉਸ ਦੇ ਖਿਲਾਫ ਲੰਬਿਤ ਮਾਮਲਿਆਂ ਦੇ ਮੱਦੇਨਜ਼ਰ ਅਦਾਲਤਾਂ ਨੂੰ ਅਪਡੇਟ ਕਰਨ ਦੀ ਕਾਨੂੰਨੀ ਜ਼ਰੂਰਤ ਨੂੰ ਪੂਰਾ ਕੀਤਾ ਜਾ ਸਕੇ ।ਕੈਨੇਡੀਅਨ ਅਧਿਕਾਰੀਆਂ ਨੇ ਇਸ ਮਾਮਲੇ ਲਈ ਐਨਆਈਏ ਅਗੇ ਕੁਝ ਜਵਾਬੀ ਸਵਾਲ ਖੜ੍ਹੇ ਕੀਤੇ, ਜਿਸ ਵਿੱਚ ਇਹ ਵੀ ਸ਼ਾਮਲ ਹੈ ਕਿ ਭਾਰਤ ਦੁਆਰਾ ਆਪਣੇ ਨਾਗਰਿਕ ਦਾ ਮੌਤ ਸਰਟੀਫਿਕੇਟ ਕਿਉਂ ਮੰਗਿਆ ਜਾਣਾ ਚਾਹੀਦਾ ਹੈ। ਇੱਕ ਅਧਿਕਾਰੀ ਨੇ ਕਿਹਾ, "ਉਸ ਤੋਂ ਬਾਅਦ, ਉਨ੍ਹਾਂ ਨੇ ਉਸਦਾ ਮੌਤ ਦਾ ਸਰਟੀਫਿਕੇਟ ਸਾਂਝਾ ਕਰਨ ਤੋਂ ਇਨਕਾਰ ਕਰ ਦਿੱਤਾ।

## ਘਟੀਆ ਸੈਂਪਲ ਪਾਏ ਜਾਣ ਤੇ 1000 ਕਿਲੋ ਖੋਏ ਦੇ ਸਟਾਕ ਨੂੰ ਕੀਤਾ ਜਾਵੇਗਾ ਨਸ਼ਟ-ਸਹਾਇਕ ਫੂਡ ਕਮਿਸ਼ਨਰ ਰਜਿੰਦਰਪਾਲ ਸਿੰਘ



ਚੌਕ ਮਹਿਤਾ, 26 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )-ਅਸਿਟੈਂਟ ਫੂਡ ਕਮਿਸ਼ਨਰ ਸ੍ਰੀ ਰਜਿੰਦਰਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫੂਡ ਐਨਾਲਿਸਟ ਦੀ ਰਿਪੋਰਟ ਅਨੁਸਾਰ ਖੋਏ ਦਾ ਸੈਂਪਲ ਘਟੀਆ ਪਾਇਆ ਗਿਆ ਸੁੱਕੇ ਅਧਾਰ 'ਤੇ ਪਾਈ ਜਾਣ ਵਾਲੀ ਚਰਬੀ ਦੀ ਪ੍ਰਤੀਸ਼ਤਤਾ 30% ਦੇ ਮੁਕਾਬਲੇ 7.96% ਹੈ... ਸੈਦ ਖੋਏ ਵਿੱਚ ਸਟਾਰਚ ਅਤੇ ਸੁਕਰੋਜ਼ ਵੀ ਸ਼ਾਮਲ ਕੀਤੇ ਗਏ ਸਨ ਹੁਣ 1000 ਕਿਲੋ ਖੋਏ ਦੇ ਸਮੁੱਚੇ ਸਟਾਕ ਨੂੰ ਮਾਣਯੋਗ ਅਦਾਲਤ ਵੱਲੋਂ ਨਿਰਣਾਇਕ ਅਫ਼ਸਰ-ਕਮ- ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅੰਮ੍ਰਿਤਸਰ ਦੇ ਹੁਕਮਾਂ ਤੋਂ ਬਾਅਦ ਨਸ਼ਟ ਕਰ ਦਿੱਤਾ ਜਾਵੇਗਾ।

## ਲੋਕਾਂ ਦੀਆਂ ਵੋਟਾਂ ਦਾ ਮੁੱਲ ਪਿੰਡ ਦਾ ਸਰਬਪੱਖੀ ਵਿਕਾਸ ਕਰਵਾ ਕੇ ਮੋੜਾਂਗੇ : ਬਿੱਲਾ ਸਾਹੀਵਾਲ



ਭਾਦਸੋਂ ( ਰਣਜੀਤ ਸਿੰਘ ਪੇਧਨੀ )-ਸਰਪੰਚ ਬਿੱਲਾ ਸਾਹੀਵਾਲ ਨੇ ਸਮੂਹ ਨਗਰ ਨਿਵਾਸੀਆਂ, ਵੋਟਰਾਂ ਤੇ ਸਪੋਟਰਾਂ ਦਾ ਧੰਨਵਾਦ ਕਰਦਿਆ ਕਿਹਾ ਕਿ ਸਾਡੀ ਜਿੱਤ ਸਮੂਹ ਪਿੰਡ ਵਾਸੀਆਂ ਦੀ ਸਾਂਝੀ ਜਿੱਤ ਹੈ ਅਤੇ ਇਸ ਜਿੱਤ ਲਈ ਅਸੀ ਸਮੂਹ ਨਗਰ ਨਿਵਾਸੀਆਂ ਵੱਲੋਂ ਦਿੱਤੇ ਪਿਆਰ ਲਈ ਹਮੇਸਾਂ ਰਿਣੀ ਰਹਾਂਗੇ, ਜਿੰਨ੍ਹਾ ਦੀ ਬਦੌਲਤ ਪਿੰਡ ਦੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ ।ਅਸੀ ਸਮੂਹ ਪਿੰਡ ਵਾਸੀਆਂ ਨੂੰ ਵਿਸਵਾਸ ਦਿਵਾਉਦੇ ਹਾਂ ਕਿ ਉਨ੍ਹਾਂ ਦੀਆਂ ਵੋਟਾਂ ਦਾ ਮੁੱਲ ਪਿੰਡ ਦਾ ਸਰਬਪੱਖੀ ਵਿਕਾਸ ਤੇ ਹਰ ਵਰਗ ਦੇ ਲੋਕਾਂ ਦੇ ਕੰਮ ਪਹਿਲ ਦੇ ਆਧਾਰ ਤੇ ਕਰਵਾਕੇ ਮੋੜਿਆ ਜਾਵੇਗਾ। ਇਸ ਸਮੇ ਸਰਪੰਚ ਬਿੱਲਾ ਸਾਹੀਵਾਲ ਨੇ ਅਕਾਲ ਪੁਰਖ ਦਾ ਸੁਕਰਾਨਾ ਕਰਦਿਆ ਕਿਹਾ ਕਿ ਸਮੂਹ ਪੰਚਾਇਤ ਮੈਬਰਾਂ ਵੱਲੋ ਸਾਰੇ ਨਗਰ ਦੇ ਵਿਸੇਸ ਸਹਿਯੋਗ ਨਾਲ ਅਧੂਰੇ ਕੰਮ ਕਰਵਾਏ ਜਾਣਗੇ।

## ਬਰਨਾਲਾ ਤੋਂ ਕਾਂਗਰਸੀ ਉਮੀਦਵਾਰ ਕਾਲਾ ਢਿੱਲੋਂ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ ਸ਼ੁਭਮ ਸ਼ਰਮਾ ਧੂਰੀ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਯੂਥ ਕਾਂਗਰਸ ਪਾਰਟੀ ਦੇ ਜਰਨਲ ਸਕੱਤਰ ਸ਼ੁਭਮ ਸ਼ਰਮਾ ਧੂਰੀ ਨੇ ਕਾਂਗਰਸ ਪਾਰਟੀ ਦੀ ਹਾਈ ਕਮਾਂਡ ਵੱਲੋਂ ਬਰਨਾਲਾ ਵਿਖੇ ਹੋਣ ਜਾ ਰਹੀ ਜ਼ਿਮਨੀ ਚੋਣ ਵਿੱਚ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਕਾਲਾ ਢਿੱਲੋਂ ਨੂੰ ਟਿਕਟ ਦੇ ਕੇ ਸਮੁੱਚੇ ਵਰਕਰਾਂ ਦਾ ਮਾਣ ਰੱਖਿਆ ਹੈ, ਕਾਂਗਰਸ ਪਾਰਟੀ ਮਿਹਨਤੀ ਵਰਕਰਾਂ ਦੀ ਕਦਰ ਕਰਦੀ ਹੈ।

ਉਨਾ ਕਿਹਾ ਕਿ ਕਾਲਾ ਢਿੱਲੋਂ ਕਾਂਗਰਸ ਪਾਰਟੀ ਦੇ ਜੁਝਾਰੂ ਮਿਹਨਤੀ ਅਤੇ ਨਿਧੱੜਕ ਆਗੂ ਹਨ ਜਿਨਾਂ ਨੇ ਲੰਮਾ ਸਮਾਂ ਪਾਰਟੀ ਧੂਰੇ ਨੂੰ ਜਮੀਨੀ ਪੱਧਰ ਤੇ ਮਜਬੂਤ ਕਰਨ ਲਈ ਦਿਨ ਰਾਤ ਮਿਹਨਤ ਕਰਕੇ ਪਾਰਟੀ ਨੂੰ ਏਥੇ ਤੱਕ ਲੈ ਕੇ ਆਏ ਹਨ, ਕਾਲਾ ਢਿੱਲੋਂ ਬਰਨਾਲਾ ਤੋਂ ਵੱਡੇ ਮਾਰਜਨ ਨਾਲ ਜਿੱਤ ਕੇ ਇਤਿਹਾਸ ਬਣਾਵਾਂਗੇ । ਉਹਨਾਂ ਕਿਹਾ ਕਿ ਸੂਬੇ ਅੰਦਰ ਵੱਡੇ ਬਦਲਾਅ ਦੀਆਂ ਗੱਲਾਂ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਇੱਕ ਵਰਗ ਦੇ ਨੱਕੋ ਮੂੰਹੋਂ ਲੈ ਚੁੱਕੀ ਹੈ ਕਿਉਂਕਿ ਸਰਕਾਰ ਅੰਦਰ ਪਿਆ ਕਸਮਾਣ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਉਨਾਂ ਦੀ ਵਰਕਰ ਵੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਨਹੀਂ ਹਨ। ਬਰਨਾਲਾ ਵਿੱਚ ਆਮ ਆਦਮੀ ਪਾਰਟੀ ਦਾ ਸਿੜਿਆ ਕਾਟੋ ਕਲੇਸ਼ ਹੀ ਉਹਨਾਂ ਦੀ ਕਿਸ਼ਤੀ ਨੂੰ ਡੋਬ ਦੇਵੇਗਾ ਕਿਉਂਕਿ ਅੱਜ ਕਾਂਗਰਸ ਪਾਰਟੀ ਸੂਬੇ ਅੰਦਰ ਪੂਰੀ ਤਰ੍ਹਾਂ ਮਜਬੂਤ ਹੋ ਚੁੱਕੀ ਹੈ ਅਤੇ ਲੋਕ 2027 ਦੀਆਂ ਚੋਣਾਂ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਨੂੰ ਵੇਖਣਾ ਚਾਹੁੰਦੇ ਹਨ।

## ਭਾਜਪਾ ਬੁਲਾਰੇ ਆਰ ਪੀ ਸਿਹੁੰ ਨੂੰ ਸ਼੍ਰੋਮਣੀ ਕਮੇਟੀ ਵਿਰੁੱਧ ਗਲਤ ਬਿਆਨਬਾਜੀ ਲਈ ਅਕਾਲ ਤਖਤ ਤੇ ਸੱਦਿਆ ਜਾਏ: ਬਿੰਦਰ ਸਿੰਘ ਬੈਲਜੀਅਮ



**ਨਵੀਂ ਦਿੱਲੀ, 26 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਸਿੱਖ ਪੰਥ ਨੂੰ ਢਾਹ ਲਾਉਣ ਲਈ ਜਿੱਥੇ ਆਰਐਸਐਸ ਵਰਗੀਆਂ ਕੱਟੜ ਜਥੇਬੰਦੀਆਂ ਪੂਰੀ ਤਰ੍ਹਾਂ ਜਤਨਸ਼ੀਲ ਹਨ ਓਥੇ ਓਹ ਇਹ ਕੰਮ ਸਿੱਖ ਚੇਹਰਿਆਂ ਤੋਂ ਹੀ ਕਰਵਾ ਕੇ ਇਕ ਵਡੀ ਭਰਾਮਾਰੂ ਜੰਗ ਵੀਂ ਆਪਣੇ ਗੁਪਤ ਏਜੰਡੇ ਰਾਹੀਂ ਵਰਤੋਂ ਕਰ ਰਹੀਆਂ ਹਨ । ਭਾਜਪਾ ਦੇ ਹੀ ਬੁਲਾਰੇ ਅਤੇ ਕਾਰਕੁਨ ਆਰਪੀ ਸਿੰਘ ਵਲੋਂ ਜਾਣ ਬੁੱਝ ਕੇ ਅਤੇ ਪੂਰੀ ਸੁਚੇਤ ਹੋ ਕੇ ਬੀਤੇ ਦਿਨ ਸ਼੍ਰੋਮਣੀ ਕਮੇਟੀ ਖ਼ਿਲਾਫ਼ ਟਿੱਪਣੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਸ਼੍ਰੋਮਣੀ ਕਮੇਟੀ 'ਸ਼੍ਰੋਮਣੀ ਇਸਾਈ ਸੰਮਤੀ' ਵਿੱਚ ਤਬਦੀਲ ਹੋਣ ਜਾ ਰਹੀ ਹੈ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਯੂਰੋਪੀਅਨ ਸਿੱਖ ਓਰਗੇਨਾਇਜੇਸ਼ਨ ਦੇ ਮੁੱਖੀ ਸਰਦਾਰ ਬਿੰਦਰ ਸਿੰਘ ਬੈਲਜੀਅਮ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਕਿਹਾ ਕਿ ਅਸੀਂ ਆਰ ਪੀ ਸਿਹੁੰ ਨੂੰ ਦਸਣਾ ਚਾਹੁੰਦੇ ਹਾਂ ਕਿ ਸ਼੍ਰੋਮਣੀ ਕਮੇਟੀ ਸਿੱਖ ਪੰਥ ਦੀ ਇੱਕ ਅਜਿਹੀ ਸੰਸਥਾ ਹੈ ਜੋ ਸਿੱਖਾਂ ਦੀਆਂ ਮਹਾਨ ਕੁਰਬਾਨੀਆਂ ਤੋਂ ਬਾਅਦ ਹੋਂਦ ਵਿੱਚ ਆਈ ਸੀ ਤਾਂ ਜੋ ਗੁਰਦੁਆਰਾ ਪ੍ਰਬੰਧ ਬਰਤਾਨਵੀ ਸਰਕਾਰ ਦੇ ਹੱਥੋਂ ਖੋਹ ਕੇ ਫਿਰਕੂ ਭਾਵਨਾਵਾਂ ਅਨੁਸਾਰ ਚਲਾਇਆ ਜਾ ਸਕੇ। ਆਪਣੇ 104 ਸਾਲਾਂ ਦੇ ਇਤਿਹਾਸ ਵਿੱਚ ਇਸ ਸੰਸਥਾ ਨੇ ਗਿਆਨ ਦੇ ਪ੍ਰਸਾਰ ਦੇ ਨਾਲ-ਨਾਲ ਸਿੱਖਿਆ, ਸਿਹਤ ਅਤੇ ਖੇਡਾਂ ਦੇ ਖੇਤਰ ਵਿੱਚ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ ਤੇ ਕਰ ਰਹੀ ਹੈ । ਉਨ੍ਹਾਂ ਕਿਹਾ ਕਿ ਅਸਲੀਅਤ ਇਹ ਹੈ ਕਿ ਆਰਪੀ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਨਾਂ ਤੋੜ-ਮਰੋੜ ਕੇ ਇਸ ਨੂੰ 'ਸ਼੍ਰੋਮਣੀ ਇਸਾਈ ਕਮੇਟੀ' ਕਹਿ ਕੇ ਸੰਬੋਧਨ ਕੀਤਾ ਹੈ। ਇਹ ਉਹਨਾਂ ਦੀ ਬੌਧਿਕ ਗਰੀਬੀ ਅਤੇ ਫਿਰਕੂ ਸਮਝ ਦੇ ਕਮਜ਼ੋਰ ਹੋਣ ਨੂੰ ਦਰਸਾਉਂਦਾ ਹੈ। ਸਿਰ ਤੇ ਪਗੜੀ ਸਜਾਉਣ ਨਾਲ ਕੋਈ ਸਿੱਖ ਨਹੀਂ ਬਣ ਜਾਂਦਾ ਜਦੋ ਤਕ ਓਹਦੇ ਅੰਦਰ ਸਿੱਖੀ ਨੂੰ ਸਮਰਪਿਤ ਭਾਵਨਾਵਾਂ ਨਹੀਂ ਜਾਗਦੀਆਂ ਹਨ ਇਸ ਲਈ ਓਹ ਤਾਂ ਸਿੱਖ ਹੈ ਹੀ ਨਹੀਂ ਹਨ ਓਹ ਤਾਂ ਭਾਜਪਾਈ ਬੁਲਾਰੇ ਹਨ ਜਿਨ੍ਹਾਂ ਦਾ ਨਿਸ਼ਾਨਾ ਸਿੱਖ ਪੰਥ ਨੂੰ ਕਮਜ਼ੋਰ ਕਰਨਾ ਅਤੇ ਆਪਸ ਵਿਚ ਪਾਟੋਧਾਰ ਕਰਨਾ ਹੈ । ਜਿੱਥੇ ਆਰਪੀ ਸਿੰਘ ਦੀ ਗਲਤ ਬਿਆਨ ਬਾਜੀ ਨਾਲ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਠੇਸ ਪੁੱਜੀ ਹੈ ਉਸ ਨੂੰ ਇਸ ਅਣਗਹਿਲੀ ਵਾਲੀ ਕਾਰਵਾਈ ਲਈ ਤੁਰੰਤ ਮੁਆਫ਼ੀ ਮੰਗਣੀ ਚਾਹੀਦੀ ਹੈ ਅਤੇ ਜੇਕਰ ਆਰਪੀ ਸਿੰਘ ਅਜਿਹੀਆਂ ਗਤੀਵਿਧੀਆਂ ਤੋਂ ਗੁਰੇਜ਼ ਨਹੀਂ ਕਰਦੇ ਤਾਂ ਅਕਾਲ ਤਖਤ ਸਾਹਿਬ ਨੂੰ ਉਸ ਖ਼ਿਲਾਫ਼ ਤੁਰੰਤ ਕਾਰਵਾਈ ਕਰਣੀ ਚਾਹੀਦੀ ਹੈ ।

ਗੁਰਦੁਆਰਾ ਸ੍ਰੀ ਦਮਦਮਾ ਰੋੜੀ ਸਾਹਿਬ ਪਿੰਡ ਕਾਲੇਕੇ

# ਸਾਲਾਨਾ ਜੋੜ ਮੇਲਾ ਦੋ ਦਿਨਾਂ ਧਾਰਮਿਕ ਸਮਾਗਮ ਕਰਵਾਇਆ

## ਸੰਤਾ ਮਹਾਪੁਰਖਾ, ਨਿਹੰਗ ਸਿੰਘ, ਸਮਾਜ ਸੇਵੀ, ਰਾਜਨੀਤਕ ਅਤੇ ਦੇਸ਼ਾਂ ਵਿਦੇਸ਼ਾਂ ਅਤੇ ਸਮੂਹ ਇਲਾਕੇ ਦੀਆਂ ਸੰਗਤਾ ਨੇ ਹਾਜਰੀਆ ਭਰੀਆਂ













**ਚੌਕ ਮਹਿਤਾ, 26 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)-** ਗੁਰੁਦੁਆਰਾ ਦਮਦਮਾ ਰੋੜੀ ਸਾਹਿਬ ਪਿੰਡ ਕਾਲੇਕੇ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦਿਆਲ ਸਿੰਘ ਦੀ ਅਗਵਾਈ ਹੇਠ 2 ਦਿਨਾ ਧਾਰਮਿਕ ਸਲਾਨਾ ਜੋੜ ਮੇਲਾ ਦੇਸਾ ਵਿਦੇਸ਼ਾ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਬੜੇ ਧੂਮ ਧਾਮ ਮਨਾਇਆ ਗਿਆ। ਜਿਸ ਵਿੱਚ ਗਿਆਨੀ ਹੀਰਾ ਸਿੰਘ ਸਭਰਾਂ, ਗਿਆਨੀ ਦਿਲਬਾਗ ਸਿੰਘ ਕਾਲੇਕੇ, ਗਿਆਨੀ ਸਤਨਾਮ ਸਿੰਘ ਬਲੋਵਾਲ, ਗਿਆਨੀ ਅਮਰਜੀਤ ਸਿੰਘ ਢੱਡੇ ਆਦਿ ਕਵੀਸਰਾ , ਢਾਡੀ ਜਥੇ ,ਕਥਾਵਾਚਕ ,ਕੀਰਤਨੀ ਸਿੰਘਾ ਨੇ ਗੁਰਮੱਤ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲੇ, ਸੰਤ ਬਾਬਾ ਗੁਰਦੇਵ ਸਿੰਘ ਗੁਰਦੁਆਰਾ ਡੇਰਾ ਭਗਤਾ ਤਰਸਿੱਕਾ ਵਾਲੇ, ਸੰਤ ਬਾਬਾ ਸੁਰਿੰਦਰ ਸਿੰਘ, ਸੰਤ ਬਾਬਾ ਸੁਖਵਿੰਦਰ ਸਿੰਘ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ,ਆਦਿ ਸੰਤਾ ਮਹਾਪੁਰਖਾ, ਨਿਹੰਗ ਸਿੰਘ, ਸਮਾਜ ਸੇਵੀ, ਰਾਜਨੀਤਕ ਅਤੇ ਦੇਸਾ ਵਿਦੇਸਾਂ ਅਤੇ ਸਮੂਹ ਇਲਾਕੇ ਦੀਆਂ ਸੰਗਤਾ ਨੇ ਹਾਜਰੀਆ ਭਰੀਆਂ,ਦੋਵੇ ਦਿਨ ਕਬੱਡੀ ਦੇ ਸੋ ਮੈਚ ਖੇਡਿਆ ਗਿਆ, ਜੇਤੂ ਟੀਮਾ ਨੂੰ ਨਗਦ ਰਾਸੀ ਇਨਾਮ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਗੁਰੂ ਜੀ ਲੰਗਰ ਆਟੁਟ ਵਰਤੇ ,ਇਸ ਮੌਕੇ ਤੇ ਸਰਪੰਚ ਗੁਰਚਰਨ ਸਿੰਘ, ਜਸਵੰਤ ਸਿੰਘ ਡਬੁੱਈ ਵਾਲੇ,ਲਖਵਿੰਦਰ ਸਿੰਘ,ਸੁਰਜੀਤ ਸਿੰਘ ਖੂੱਹ ਵਾਲੇ ਸਤਨਾਮ ਸਿੰਘ,ਸਰਪੰਚ ਹਰਪਾਲ ਸਿੰਘ ਰੁਮਾਣਾ, ਨੰਬਰਦਾਰ ਦਲਵਿੰਦਰ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਗੁਰਦੁਆਰਾ ਸ੍ਰੀ ਦਮਦਮਾ ਰੋੜੀ ਸਾਹਿਬ ਪਿੰਡ ਕਾਲੇਕੇ

# ਸਾਲਾਨਾ ਜੋੜ ਮੇਲਾ ਦੋ ਦਿਨਾਂ ਧਾਰਮਿਕ ਸਮਾਗਮ ਕਰਵਾਇਆ

## ਸੰਤਾ ਮਹਾਪੁਰਖਾ, ਨਿਹੰਗ ਸਿੰਘ, ਸਮਾਜ ਸੇਵੀ, ਰਾਜਨੀਤਕ ਅਤੇ ਦੇਸ਼ਾਂ ਵਿਦੇਸ਼ਾਂ ਅਤੇ ਸਮੂਹ ਇਲਾਕੇ ਦੀਆਂ ਸੰਗਤਾ ਨੇ ਹਾਜਰੀਆ ਭਰੀਆਂ





ਆਵਾਜ਼ਿ ਕੌਮ AWAZE QAUM International Newspaper & WEB TV










ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
www.awazeqaumtv.com
Also On
Visit on facebook
https://www.facebook.com/awazeqaumtv/videos/1948995821245331/
Awaze Qaum
(ਯੂ. ਕੇ. ਤੋਂ ਪ੍ਰਕਾਸ਼ਿਤ)
https://youtu.be/LQwolgxDu7I
International Daily Newspaper & WEB TV
awazeqaumtvpunjab@gmail.com
ਐਤਵਾਰ, 27 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੧ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਅਮਰੀਕਾ ਦੌਰੇ ਦੌਰਾਨ ਸ. ਜਸਪ੍ਰੀਤ ਸਿੰਘ ਅਤੇ ਹੋਰਨਾਂ ਸ਼ਖਸੀਅਤਾਂ ਨਾਲ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਪੰਥਕ ਵਿਚਾਰਾਂ
















ਅਮਰੀਕਾ ਦੇ ਪ੍ਰਸਿੱਧ ਅਟਾਰਨੀ ਆਫ ਲਾਅ,ਅਨੇਕਾਂ ਗੁਰੂ ਘਰਾਂ ਦੇ ਕਾਨੂੰਨੀ ਸਲਾਹਕਾਰ ਅਤੇ ਪ੍ਰਬੰਧਕ ਪ੍ਰਸਿੱਧ ਸਿੱਖ ਪ੍ਰਸਨੈਲਿਟੀ ਸਰਦਾਰ ਜਸਪ੍ਰੀਤ ਸਿੰਘ ਜਿਨਾਂ ਨੇ ਹਜ਼ਾਰਾਂ ਪਰਿਵਾਰਾਂ ਦੇ ਕੇਸ ਲੜਕੇ ਅਮਰੀਕਾ ਦੇ ਗਰੀਨ ਕਾਰਡ ਦਿਵਾਏ ਹਨ ਅੱਜ ਕੱਲ ਯੂ ਐਸ ਏ ਪ੍ਰੈਜੀਡੈਂਟ ਦੀ ਚੋਣ ਲੜ ਰਹੀ ਮੈਡਮ ਕਮਲਾ ਹੈਰਿਸ ਦੀ ਕੰਪੇਨ ਵਿੱਚ ਮੋਹਰੀ ਰੋਲ ਅਦਾ ਕਰ ਰਹੇ ਹਨ ਅਮਰੀਕਾ ਦੌਰੇ ਦੌਰਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਪੰਥਕ ਵਿਚਾਰ ਵਟਾਂਦਰਾ ਕਰਦੇ ਹੋਏ ਨਾਲ ਭਾਈ ਰਣਜੀਤ ਸਿੰਘ ਸੰਗੋਜ਼ਲਾ ਦਮਦਮੀ ਟਕਸਾਲ ਨਿਊਯਾਰਕ,ਜਥੇਦਾਰ ਚਰਨ ਸਿੰਘ ਪ੍ਰੇਮਪੁਰਾ ਪ੍ਰਧਾਨ ਐਨ ਆਰ ਆਈ ਵਿੰਗ ਯੂ ਐਸ ਏ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸ. ਜਸਵਿੰਦਰ ਸਿੰਘ ਜੱਸੀ ਪ੍ਰਧਾਨ ਸੰਤ ਬਾਬਾ ਪ੍ਰੇਮ ਸਿੰਘ ਸਿੱਖ ਕਲਚਰ ਸੁਸਾਇਟੀ ਨਿਊਯਾਰਕ,ਬੀਬੀ ਸੁਖਮੀਤ ਕੌਰ ਭਾਈ ਕੁਰਬਾਨ ਸਿੰਘ ਭਾਈ ਕਿਆਮਤ ਸਿੰਘ।

ਗੁਰੂ ਤੇਗ ਬਹਾਦਰ ਗੁਰਦਵਾਰਾ ਲੈਸਟਰ ਵਿਖੇ

# ਸ਼ਹੀਦੀ ਸਮਾਗਮ ਆਯੋਜਿਤ



**ਲੈਸਟਰ**- ਸਿਖ ਕੌਮ ਦੇ ਮਹਾਨ ਸ਼ਹੀਦ, ਸ਼ਹੀਦ ਬੇਅੰਤ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿੱਤ ਅੱਜ 25 ਅਕਤੂਬਰ 2024 ਨੂੰ ਬਰਤਾਨੀਆ ਦੇ ਪ੍ਰਸਿੱਧ ਗੁਰਦਵਾਰਾ ਸਾਹਿਬ, ਗੁਰੂ ਤੇਗ ਬਹਾਦਰ ਗੁਰਦਵਾਰਾ 106 ਈਸਟ ਪਾਰਕ ਰੋਡ, ਲੈਸਟਰ ਵਿਖੇ ਸਵੇਰੇ 11 ਵਜੇ ਹਾਲ ਨੰਬਰ ਇੱਕ ਵਿੱਚ ਸ੍ਰੀ ਸਹਿਜ ਪਾਠ ਗੁਰਦਵਾਰਾ ਸਾਹਿਬ ਜੀ ਦੇ ਮੁੱਖ ਗ੍ਰੰਥੀ ਸਿੰਘ, ਗਿਆਨੀ ਮਲੂਕ ਸਿੰਘ ਜੀ ਨੇ ਅਰਦਾਸ ਉਪਰੰਤ ਅਰੰਭ ਕੀਤੇ ਜਿਨ੍ਹਾ ਦੇ ਭੋਗ ਵੀਰਵਾਰ 31 ਅਕਤੂਬਰ 2024 ਨੂੰ ਪੰਜ ਵਜੇ ਦੁਪਿਹਰ ਬਾਅਦ ਪਾਏ ਜਾਣਗੇ।

ਰਿਹਰਾਸ ਸਾਹਿਬ ਜੀ ਦੇ ਪਾਠ ਉਪਰੰਤ ਮਹਾਨ ਸ਼ਹੀਦੀ ਦੀਵਾਨ ਦਾ ਪ੍ਰਬੰਧ ਹੋਵੇਗਾ ਜਿੱਸ ਵਿੱਚ ਕੀਰਤਨ, ਕਥਾ ਪੰਥਕ ਬੁਲਾਰੇ ਆਪਣੇ ਕੀਮਤੀ ਵਿਚਾਰ ਪੇਸ਼ ਕਰਨਗੇ। ਇਹ ਸਹਿਜ ਪਾਠ ਗੁਰਦਵਾਰਾ ਪ੍ਰਬੰਧਕ ਕਮੇਟੀ, ਗੁਰੂ ਪਿਆਰੀ ਸਾਧ ਸੰਗਤ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸਿੱਖ ਫੈਡਰੇਸ਼ਨ ਲੈਸਟਰ ਬਰਾਂਚ, ਤੀਰ ਸੰਗਤ ਸ਼ੇਰ ਗਰੁੱਪਸ ਦੇ ਸਿਹਯੋਗ ਨਾਲ ਕਰਵਾਇਆ ਜਾ ਰਿਹਾ ਹੈ।

ਇਸ ਸਮੇ ਗੁਰਦਵਾਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਗੁਰਨਾਮ ਸ਼ਿੰਘ ਜੀ ਅਤੇ ਸਾਰੇ ਗਰੁੱਪਾਂ ਦੇ ਮੈਮਬਰਾਂ ਨੇ ਸਹਿਜ ਪਾਠ ਦੇ ਅਰੰਭ ਵਿੱਚ ਭਾਗ ਲੈ ਕੇ ਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

# ਪ੍ਰਦੂਸ਼ਣ ਰਹਿਤ ਦੀਵਾਲੀ ਨੂੰ ਉਤਸ਼ਾਹਿਤ ਕਰਨ ਦੀ ਅਪੀਲ : ਇੰਜ ਮਨਜੀਤ ਸਿੰਘ ਸੈਣੀ



**ਚੌਕ ਮਹਿਤਾ, 25 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਾਨੂੰ ਸਾਰੇ ਨਾਗਰਿਕਾਂ ਨੂੰ ਤਿਉਹਾਰਾਂ ਦੇ ਇਸ ਸੀਜ਼ਨ ਵਿੱਚ, ਵਾਤਾਵਰਣ ਪੱਖੀ ਅਭਿਆਸਾਂ ਨੂੰ ਅਪਣਾ ਕੇ ਆਪਣੇ ਵਾਤਾਵਰਣ ਅਤੇ ਸਮਾਜ ਦੀ ਸਿਹਤ ਨੂੰ ਤਰਜੀਹ ਦੇਣੀ ਚਾਹੀਦੀ ਹੈ ।ਦੀਵਾਲੀ/ ਬੰਦੀ ਛੋੜ ਦਿਵਸ ਨੇੜੇ ਆ ਰਿਹਾ ਹੈ , ਅੰਮ੍ਰਿਤਸਰ ਹਰਿਆਵਲ ਮੰਚ ,ਹਰਿਆਵਲ ਪੰਜਾਬ ਵਲੋਂ ਪ੍ਰਦੂਸ਼ਣ-ਮੁਕਤ ਜਸ਼ਨ ਮਨਾਉਣ ਅਤੇ ਸ਼ਹਿਰ - ਪਿੰਡਾਂ ਨੂੰ ਸਾਫ਼-ਸੁਥਰਾ ਰੱਖਣ ਨੂੰ ਯਕੀਨੀ ਬਣਾਉਣ ਦੀ ਅਪੀਲ ਕਰਦੇ ਹਾਂ ।

ਪੰਜਾਬ ਵਿੱਚ, ਦੀਵਾਲੀ ਦਾ ਵਿਸ਼ੇਸ਼ ਮਹੱਤਵ ਹੈ ਕਿਉਂਕਿ ਇਹ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਹੈ। ਇਹ ਰਾਵਣ ਨੂੰ ਹਰਾਉਣ ਤੋਂ ਬਾਅਦ ਭਗਵਾਨ ਰਾਮ ਦੀ ਅਯੁੱਧਿਆ ਵਾਪਸੀ ਦੀ ਖੁਸ਼ੀ ਵਿੱਚ ਅਤੇ ਸ੍ਰੀ ਗੁਰੂ ਹਰਗੋਬਿੰਦ ਜੀ ਦੀ 52 ਰਾਜਿਆਂ ਸਮੇਤ ਕੈਦ ਤੋਂ ਮੁਕਤ ਹੋਣ ਦਾ ਜਸ਼ਨ ਮਨਾਉਂਦਾ ਹੈ। ਇਹ ਪ੍ਰੋਗਰਾਮ ਸਾਡੇ ਭਾਈਚਾਰਿਆਂ ਵਿੱਚ ਏਕਤਾ,ਉਮੀਦ ਅਤੇ ਨਵੀਨੀਕਰਨ ਨੂੰ ਪ੍ਰੇਰਿਤ ਕਰਦੇ ਹਨ।

ਅਸੀਂ ਹਰ ਕਿਸੇ ਨੂੰ ਰਵਾਇਤੀ ਪਟਾਕੇ ਛੱਡਣ ਲਈ ਬੇਨਤੀ ਕਰਦੇ ਹਾਂ, ਜੋ ਹਵਾ ਅਤੇ ਸ਼ੋਰ ਪ੍ਰਦੂਸ਼ਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ। ਇਸ ਦੀ ਬਜਾਏ, LED ਲਾਈਟਾਂ ਦੀ ਵਰਤੋਂ ਕਰਦੇ ਹੋਏ ਸਪਾਰਕਲਰ ਜਾਂ ਲਾਈਟ ਡਿਸਪਲੇ ਵਰਗੇ ਵਾਤਾਵਰਣ-ਅਨੁਕੂਲ ਵਿਕਲਪਾਂ ਨਾਲ ਜਸ਼ਨ ਮਨਾਉਣ ਨੂੰ ਅਪਣਾਉਣਾ ਚਾਹੀਦਾ ਹੈ , ਜੋ ਊਰਜਾ-ਕੁਸ਼ਲ ਹਨ ਅਤੇ ਕਾਰਬਨ ਫੁੱਟਪ੍ਰਿੰਟ ਨੂੰ ਘਟਾਉਂਦੇ ਹਨ।

ਕੁਦਰਤੀ ਸਮੱਗਰੀਆਂ, ਬਾਇਓ-ਡਿਗਰੇਡੇਬਲ ਵਸਤੂਆਂ ਅਤੇ ਈਕੋ-ਫ੍ਰੈਂਡਲੀ ਰੰਗੋਲੀ ਨਾਲ ਘਰਾਂ ਨੂੰ ਸਜਾਉਣਾ ਸਾਡੇ ਵਾਤਾਵਰਣ ਨੂੰ ਨੁਕਸਾਨ ਪਹੁੰਚਾਏ ਬਿਨਾਂ ਤਿਉਹਾਰ ਦੀ ਭਾਵਨਾ ਨੂੰ ਵਧਾ ਸਕਦਾ ਹੈ। ਇਸ ਤੋਂ ਇਲਾਵਾ, ਅਸੀਂ ਨਾਗਰਿਕਾਂ ਨੂੰ ਸਥਾਨਕ ਸਫ਼ਾਈ ਮੁਹਿੰਮਾਂ ਅਤੇ ਰੁੱਖ ਲਗਾਉਣ ਦੀਆਂ ਪਹਿਲਕਦਮੀਆਂ ਵਿੱਚ ਹਿੱਸਾ ਲੈਣ ਲਈ ਅਪੀਲ ਹਾਂ, ਜਿਸ ਨਾਲ ਭਾਈਚਾਰਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ ਆਓ ਅਸੀਂ ਆਪਣੀਆਂ ਸੜਕਾਂ ਨੂੰ ਸਾਫ਼ ਅਤੇ ਹਰਿਆ ਭਰਿਆ ਰੱਖਣ ਲਈ ਮਿਲ ਕੇ ਕੰਮ ਕਰੀਏ। ਕੂੜੇ ਨੂੰ ਜ਼ਿੰਮੇਵਾਰੀ ਨਾਲ ਨਿਪਟਾਓ ਅਤੇ ਆਪਣੇ ਗੁਆਂਢੀਆਂ ਨੂੰ ਵੀ ਅਜਿਹਾ ਕਰਨ ਲਈ ਉਤਸ਼ਾਹਿਤ ਕਰੋ। ਇਸ ਦੀਵਾਲੀ ਨੂੰ ਸੁਚੇਤ ਤੌਰ 'ਤੇ ਚੁਣ ਕੇ, ਅਸੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਆਪਣੇ ਸ਼ਹਿਰ ਦੀ ਸੁੰਦਰਤਾ ਨੂੰ ਸੁਰੱਖਿਅਤ ਰੱਖਦੇ ਹੋਏ ਰੋਸ਼ਨੀ ਦਾ ਤਿਉਹਾਰ ਮਨਾ ਸਕਦੇ ਹਾਂ। ਸਾਫ਼-ਸੁਥਰੇ ਅਤੇ ਸਿਹਤਮੰਦ ਵਾਤਾਵਰਨ ਲਈ ਵਚਨਬੱਧਤਾ ਬਣਾਉਣ ਲਈ ਵਾਤਾਵਰਣ /ਹਰਿਆਵਲ ਸੰਬੰਧੀ ਕੰਮ ਕਰ ਰਹੀਆਂ ਸੰਸਥਾਵਾਂ ਨਾਲ ਜੁੜੋ।

ਲੱਚਰਤਾ ਦੇ ਖਿਲਾਫ ਲੜਾਈ ਲੜ ਰਹੇ ਮਾਨ ਸਿੰਘ ਅਕਾਲੀ ਦਾ ਭਾਰਤੀ ਕਿਸਾਨ ਯੂਨੀਅਨ ਪੁਆਧ ਵੱਲੋਂ ਸਮਰਥਨ ਦਾ ਐਲਾਨ

# ਲੱਚਰਤਾ ਦੇ ਖਿਲਾਫ ਸਰਕਾਰ ਨੂੰ ਬਣਾਉਣਾ ਚਾਹੀਦਾ ਹੈ ਕੋਈ ਸਖਤ ਕਾਨੂੰਨ -ਭਾਰਤੀ ਕਿਸਾਨ ਯੂਨੀਅਨ ਪੁਆਧ

ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਪ੍ਰਧਾਨ ਸਰਦਾਰ ਤਰਲੋਚਨ ਸਿੰਘ ਅਤੇ ਸੀਨੀਅਰ ਮੀਤ ਪ੍ਰਧਾਨ ਰੁਸਤਮ ਮੋਰਿੰਡਾ ਨੇ ਗੱਲਬਾਤ ਕਰਦੇ ਹੋਏ ਕਿਹਾ ਸੋਸ਼ਲ ਮੀਡੀਆ ਤੇ ਪਰੋਸੀ ਜਾ ਰਹੀ ਲੱਚਰਤਾ ਸਾਡੀ ਆਉਣ ਵਾਲੀ ਪੀੜੀ ਲਈ ਸਭ ਤੋਂ ਵੱਧ ਖਤਰਨਾਕ ਹੈ ।ਸਾਡੀ ਆਉਣ ਵਾਲੀਆਂ ਨਸਲਾਂ ਨੂੰ ਅਗਰ ਅਸੀਂ ਬਚਾਉਣਾ ਚਾਹੁੰਦੇ ਹਾਂ ਤਾਂ ਲੱਚਰਤਾ ਤੇ ਰੋਕਥਾਮ ਲਵਾਉਣੀ ਬਹੁਤ ਜਰੂਰੀ ਹੈ ।ਵਿਗਿਆਨ ਦੇ ਯੁੱਗ ਦੇ ਵਿੱਚ ਅੱਜ ਬਜ਼ੁਰਗ ਤੋਂ ਲੈ ਕੇ ਬੱਚੇ ਤੱਕ ਸਾਰੇ ਮੋਬਾਇਲ ਦੀ ਵਰਤੋਂ ਕਰਦੇ ਹਨ ਅਤੇ ਸੋਸ਼ਲ ਮੀਡੀਆ ਪਲੇਟਫਾਰਮ ਤੇ ਐਸੀ ਲੱਚਰਤਾ ਪਰੋਸੀ ਜਾ ਰਹੀ ਹੈ ਜੋ ਬੱਚਿਆਂ ਨੂੰ ਮਾਨਸਿਕ ਤੌਰ ਤੇ ਲੱਚਰਤਾ ਦੇ ਗਟਰ ਦੇ ਵਿੱਚ ਧਕੇਲਦੀ ਜਾ ਰਹੀ ਹੈ । ਰਿਸੋ ਰਿਸੀ ਸਾਡੀ ਨੌਜਵਾਨ ਪੀੜੀ ਸੋਸ਼ਲ ਮੀਡੀਆ ਪਲੇਅਰ ਫਾਰਮ ਤੇ ਲੱਚਰਤਾ ਫੈਲਾਉਣ ਵਾਲਿਆਂ ਨੂੰ ਦੇਖ ਕੇ ਖੁਦ ਵੀ ਉਸੇ ਰਸਤੇ ਤੇ ਪੈਂਦੀ ਜਾ ਰਹੀ ਹੈ ਇਸ ਲਈ ਜਰੂਰੀ ਹੈ ਕਿ ਕੋਈ ਵੀ ਭੈਣ ਭਰਾ ਲੱਚਰਤਾ ਦੇ ਖਿਲਾਫ ਲੜਾਈ ਲੜੇ ਤਾਂ ਉਸ ਦੇ ਨਾਲ ਡੱਟ ਕੇ ਖੜਨਾ ਚਾਹੀਦਾ ਹੈ ।ਸਰਕਾਰ ਨੂੰ ਵੀ ਇਸ ਮਸਲੇ ਤੇ ਵੱਡਾ ਸਟੈਂਡ ਲੈ ਕੇ ਲੱਚਰਤਾ ਦੀ ਰੋਕਥਾਮ ਲਈ ਕੋਈ ਕਾਨੂੰਨ ਬਣਾਉਣਾ ਚਾਹੀਦਾ ਹੈ ਤਾਂ ਕਿ ਇਸ ਤਰ੍ਹਾਂ ਦੀ ਲੱਚਰਤਾ ਫੈਲਾਉਣ ਵਾਲਿਆਂ ਤੇ ਕਾਨੂੰਨੀ ਤੌਰ ਤੇ ਕਾਰਵਾਈ ਕੀਤੀ ਜਾ ਸਕੇ ।

**-ਪਰਗਟ ਸਿੰਘ ਬਲਬੇੜਾ, 9022000070**



# ਕੌਮੀ ਸ਼ਹੀਦਾਂ ਦੀ ਯਾਦ 'ਚ ਕਰਵਾਇਆ ਜਾਏਗਾ ਸ਼ਹੀਦੀ ਸਮਾਗਮ, ਦਸਤਾਰ-ਦੁਮਾਲਾ ਮੁਕਾਬਲਾ ਤੇ ਗਤਕਾ ਕੱਪ



**ਅੰਮ੍ਰਿਤਸਰ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਕੌਮ ਲਈ ਇਹ ਮਾਣ ਵਾਲ਼ੀ ਗੱਲ ਹੈ ਕਿ ਕੌਮੀ ਸ਼ਹੀਦਾਂ ਦੀ ਯਾਦ ਵਿੱਚ ਜਿੱਥੇ ਥਾਂ-ਥਾਂ 'ਤੇ ਸ਼ਹੀਦੀ ਸਮਾਗਮ ਹੋ ਰਹੇ ਹਨ, ਓਥੇ ਹੀ ਪਿੰਡ ਕੋਲੋਵਾਲ ਦੀ ਸਮੂਹ ਸੰਗਤ ਵੱਲੋਂ ਸ਼ਹੀਦਾਂ ਦੀ ਯਾਦ 'ਚ ਸ਼ਹੀਦੀ ਸਮਾਗਮ, ਦਸਤਾਰ-ਦੁਮਾਲਾ ਮੁਕਾਬਲਾ ਅਤੇ ਗਤਕਾ ਕੱਪ ਕਰਵਾਇਆ ਜਾਏਗਾ। ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲ਼ਿਆਂ ਵੱਲੋਂ ਅਰੰਭੇ ਸੰਘਰਸ਼ ਵਿੱਚ ਜੂਝ ਕੇ ਸ਼ਹਾਦਤਾਂ ਦਾ ਜਾਮ ਪੀਣ ਵਾਲ਼ੇ ਅਮਰ ਸ਼ਹੀਦ ਜਨਰਲ ਸ਼ਾਬੇਗ ਸਿੰਘ ਖਿਆਲਾ, ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜੁਝਾਰੂ ਸ਼ਹੀਦ ਭਾਈ ਮੇਜਰ ਸਿੰਘ ਕੋਲੋਵਾਲ ਅਤੇ ਸ਼ਹੀਦ ਭਾਈ ਬਲਬੀਰ ਸਿੰਘ ਕੋਲੋਵਾਲ ਅਤੇ ਸਮੂਹ ਸਾਥੀ ਸਿੰਘਾਂ ਦਾ ਸ਼ਹੀਦੀ ਦਿਹਾੜਾ ਮਿਤੀ 27 ਅਕਤੂਬਰ ਨੂੰ ਗੁਰਦੁਆਰਾ ਸ਼ਹੀਦਾਂ ਸਾਧਸੰਗਤ, ਪਿੰਡ ਕੋਲੋਵਾਲ, ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਵਿਖੇ ਖ਼ਾਲਸਾਈ ਸ਼ਾਨੋ-ਸ਼ੌਕਤ ਨਾਲ਼ ਮਨਾਇਆ ਜਾਵੇਗਾ। ਇਹ ਜਾਣਕਾਰੀ ਸਾਂਝੀ ਕਰਦਿਆਂ ਸ਼ਹੀਦ ਭਾਈ ਬਲਬੀਰ ਸਿੰਘ ਕੋਲੋਵਾਲ ਦੇ ਸਪੁੱਤਰ ਭਾਈ ਹਰਪਾਲ ਸਿੰਘ ਕੋਲੋਵਾਲ ਅਤੇ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਅਕਾਲ ਅਕੈਡਮੀ ਚੋਗਾਵਾਂ ਦਾ ਕੀਰਤਨੀ ਜਥਾ, ਪੰਥਕ ਕਵੀਸ਼ਰ ਭਾਈ ਗੁਰਸੇਵਕ ਸਿੰਘ ਪੱਧਰੀ, ਢਾਡੀ ਜਥਾ ਭਾਈ ਗੁਰਪ੍ਰਤਾਪ ਸਿੰਘ ਪਦਮ, ਐਸ ਏ ਐਸ ਗਤਕਾ ਗਰੁੱਪ, ਬਾਬਾ ਕਿਰਪਾਲ ਸਿੰਘ ਗੁਰੂ ਕੇ ਬਾਗ ਵਾਲੇ, ਬਾਬਾ ਜੋਗਿੰਦਰ ਸਿੰਘ ਗੁਰਦੁਆਰਾ ਸ਼ਹੀਦਾਂ ਸਾਹਿਬ ਲੋਪੋਕੇ ਭਾਈ ਹਰਪਾਲ ਸਿੰਘ ਸਟੇਜ ਸਕੱਤਰ ਵਿਚਾਰਾਂ ਦੀ ਸਾਂਝ ਕਰਨਗੇ। ਉਹਨਾਂ ਦੱਸਿਆ ਕਿ ਦਸਤਾਰ ਅਤੇ ਦੁਮਾਲਾ ਮੁਕਾਬਲੇ ਵੀ ਕਰਵਾਏ ਜਾਣਗੇ ਅਤੇ ਜੇਤੂ ਟੀਮਾਂ ਨੂੰ ਨਗਦ ਇਨਾਮ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਦੀਵਾਨ ਦੀ ਸਮਾਪਤੀ ਉਪਰੰਤ ਗਤਕਾ ਕੱਪ ਵੀ ਕਰਵਾਇਆ ਜਾਵੇਗਾ ਜਿਸ ਵਿੱਚ ਵੱਖ ਵੱਖ ਟੀਮਾਂ ਭਾਗ ਲੈਣਗੀਆਂ ਅਤੇ ਜਿੱਤਣ ਵਾਲੀ ਗਤਕਾ ਟੀਮ ਨੂੰ ਵਿਸ਼ੇਸ਼ ਇਨਾਮ ਦਿੱਤਾ ਜਾਵੇਗਾ। ਸਮਾਗਮ ਦੀ ਸਮਾਪਤੀ ਤੇ ਇਲਾਕੇ ਦੇ ਸ਼ਹੀਦਾਂ ਦੇ ਪਰਿਵਾਰਾਂ ਦਾ ਸਨਮਾਨ ਵੀ ਹੋਵੇਗਾ। ਉਹਨਾਂ ਸਮੂਹ ਸਿੱਖ ਸੰਗਤਾਂ ਨੂੰ ਵੱਧ-ਚੜ੍ਹ ਕੇ ਸ਼ਹੀਦੀ ਸਮਾਗਮ ਵਿੱਚ ਪੁੱਜਣ ਦੀ ਅਪੀਲ ਕੀਤੀ।

# ਪਿੰਡ ਰੰਗੀਲਪੁਰਾ ਦੀ ਪੰਚਾਇਤ ਨੇ ਜੱਗਾ ਮਜੀਠੀਆਂ ਨੂੰ ਕੀਤਾ ਸਨਮਾਨਿਤ



**ਚੌਕ ਮਹਿਤਾ 26 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਹਲਕਾ ਮਜੀਠਾ ਦੇ ਅਧੀਨ ਆਉਂਦੇ ਪਿੰਡ ਰੰਗੀਲਪੁਰਾ ਦੀ ਪੰਚਾਇਤ ਸਰਪੰਚ ਬੀਬੀ ਕੁਲਵੰਤ ਕੌਰ ਮੈਂਬਰ ਦਿਲਬਾਗ ਸਿੰਘ ਸਕੱਤਰ ਸਿੰਘ, ਤਰਲੋਕ ਸਿੰਘ ਬੀਬੀ ਵੀਰ ਕੌਰ ਵੱਲੋਂ ਜਿੱਤ ਦੀ ਖ਼ੁਸ਼ੀ ਵਿੱਚ ਆਪ ਪਾਰਟੀ ਦੇ ਸੀਨੀਅਰ ਆਗੂ ਜਗਵਿੰਦਰ ਪਾਲ ਸਿੰਘ ਜੱਗਾ ਮਜੀਠਾ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਜੱਗਾ ਮਜੀਠੀਆ ਨੇ ਨਵੀਂ ਬਣੀ ਪੰਚਾਇਤ ਨੂੰ ਮੁਬਾਰਕਬਾਦ ਦਿੱਤੀ ਤੇ ਕਿਹਾ ਕਿ ਪੰਚਾਇਤ ਨੂੰ ਲੋਕਾਂ ਨੇ ਬੜੀਆਂ ਆਸਾਂ ਉਮੀਦਾਂ ਨਾਲ ਚੁਣਿਆ ਇਸ ਲਈ ਲੋਕਾਂ ਦੇ ਸਾਰੇ ਕੰਮ ਪਹਿਲ ਦੇ ਆਧਾਰ ਤੇ ਕੀਤੇ ਜਾਣ ਤਾਂ ਜੋ ਕਿ ਲੋਕਾਂ ਨੂੰ ਕੋਈ ਵੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ।ਇਸ ਮੌਕੇ ਨਰਿੰਦਰ ਸਿੰਘ ਜਸਵਿੰਦਰ ਸਿੰਘ ਸਤਨਾਮ ਸਿੰਘ ਗੁਰ ਸਾਹਿਬ ਸਿੰਘ ਅਜੈਬ ਸਿੰਘ ਗੁਰ ਸਿਮਰਨ ਸਿੰਘ ਸੰਤੋਖ ਸਿੰਘ ਤੇ ਅਮਰਜੀਤ ਸਿੰਘ ਆਦਿ ਮੌਜੂਦ ਸਨ।



**ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਸਰਦਾਰ ਅਮਰਜੀਤ ਸਿੰਘ ਅੰਬਾ ਦੇ ਮਾਤਾ ਜੀ ਭਾਰਤੀ ਜਨਤਾ ਪਾਰਟੀ ਯੁਵਾ ਮੋਰਚਾ ਪੰਜਾਬ ਦੇ ਸੂਬਾ ਸਕੱਤਰ ਕੁਲਬੀਰ ਸਿੰਘ ਆਸ਼ੂ ਜੀ ਦੀ ਦਾਦੀ ਜੀ ਬੀਬੀ ਦਲਬੀਰ ਕੌਰ ਦੀ ਅੰਤਿਮ ਅਰਦਾਸ ਵਿੱਚ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਬਲਵਿੰਦਰ ਸਿੰਘ ਗਿੱਲ ਸਾਬਕਾ ਜਨਰਲ ਸੈਕਟਰੀ ਬੀਜੇਪੀ ਐਸਸੀ ਮੋਰਚਾ ਪੰਜਾਬ ਅਤੇ ਸਹਿ ਪ੍ਰਭਾਰੀ ਮੈਂਬਰਸ਼ਿਪ ਅਭਿਆਨ ਪੰਜਾਬ ਬੀਜੇਪੀ ( ਫੋਟੋ ਅਤੇ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

### ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ

# ਲੁਧਿਆਣਾ ਵਿਖੇ ਕਰਵਾਇਆ ਗਿਆ ਤੀਜਾ ਕਵਿਤਾ ਮੁਕਾਬਲਾ



26 ਅਕਤੂਬਰ 2024 ਨੂੰ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਲੁਧਿਆਣਾ ਵਿਖੇ ਐਸ.ਐਸ.ਐਨ ਕਾਨਵੈਂਟ ਸੀ.ਸੈ ਸਕੂਲ ਵਿੱਚ ਤੀਜਾ ਕਵਿਤਾ ਮੁਕਾਬਲਾ ਕਰਵਾਇਆ ਗਿਆ। ਸਕੂਲਾਂ ਵਿੱਚ ਬੱਚਿਆਂ ਨੂੰ ਪੰਜਾਬੀ ਭਾਸ਼ਾ ਨਾਲ ਜੋੜਣ ਦੀ ਇਸ ਲੜੀ ਵਿੱਚ ਸਾਥ ਦਿੱਤਾ ਰਛਪਾਲ ਸਿੰਘ ਜੀ ਨੇ ਜੋ ਕਿ ਮੈਨੇਜਰ ਹਨ ਯੂਕੋ ਬੈਂਕ ਬ੍ਰਾਂਚ ਹੱਬੋਵਾਲ ਵਿਖੇ।

## ਇਸ ਕਵਿਤਾ ਮੁਕਾਬਲੇ ਨੂੰ ਸਪਾਂਸਰ ਕੀਤਾ ਯੂਕੋ ਬੈਂਕ ਬ੍ਰਾਂਚ ਹੱਬੋਵਾਲ ਅਤੇ ਡਾਕਟਰ ਲਵਪ੍ਰੀਤ ਕੌਰ ਸੈਣੀ ਜੀ ਨੇ

ਲੁਧਿਆਣਾ ਦੇ ਡਾਕਟਰ ਲਵਪ੍ਰੀਤ ਕੌਰ ਸੈਣੀ ਜੀ ਨੇ ਬੱਚਿਆਂ ਨੂੰ ਪੰਜਾਬੀ ਭਾਸ਼ਾ ਨਾਲ ਜੋੜਣ ਲਈ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦਾ ਸਾਥ ਦੇਣਾ ਸ਼ੁਰੂ ਕੀਤਾ ਹੈ। ਇਸ ਮੁਕਾਬਲੇ ਵਿੱਚ ਕੁੱਲ 42 ਵਿਦਿਆਰਥੀਆਂ ਨੇ ਭਾਗ ਲਿਆ। ਜਿਸ ਵਿੱਚੋਂ ਮੰਚ ਦੇ ਜੱਜਾਂ ਨੇ ਪੰਜ ਵਿਦਿਆਰਥੀ ਜੇਤੂ ਘੋਸ਼ਿਤ ਕੀਤੇ। ਪਹਿਲਾ ਇਨਾਮ ਗਿਆਰਵੀਂ ਜਮਾਤ ਦੀ ਸਾਕਸ਼ੀ ਨੂੰ ਮਿਲਿਆ। ਦੂਜਾ ਇਨਾਮ ਦੱਸਵੀਂ ਜਮਾਤ ਦੀ ਜਿਵੀਕਾ ਨੂੰ ਮਿਲਿਆ। ਤੀਜਾ ਇਨਾਮ ਨੌਂਵੀਂ ਜਮਾਤ ਦੀ ਵੰਸ਼ਿਕਾ ਨੂੰ ਮਿਲਿਆ। ਚੌਥਾ ਇਨਾਮ ਸੱਤਵੀ ਜਮਾਤ ਦੀ ਪ੍ਰਿਆਂਸ਼ਾ ਨੂੰ ਮਿਲਿਆ ਅਤੇ ਪੰਜਵਾਂ ਇਨਾਮ ਗਿਆਰਵੀਂ ਜਮਾਤ ਦੇ ਪ੍ਰਭਜੋਤ ਸਿੰਘ ਨੂੰ ਮਿਲਿਆ। ਇਸ ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਨਿਭਾਈ ਮੰਚ ਦੇ ਪ੍ਰਧਾਨ ਰਸ਼ਿਪੰਦਰ ਕੌਰ ਗਿੱਲ ਜੀ, ਤ੍ਰਿਪਤਾ ਬਰਮੋਤਾ ਜੀ ਨੇ, ਕੁਲਦੀਪ ਕੌਰ ਸਚਦੇਵਾ ਜੀ, ਇਕਬਾਲ ਸਿੰਘ ਪੁੜੈਣ ਜੀ ਅਤੇ ਧਰਮਿੰਦਰ ਸਿੰਘ ਮੁਲਾਂਪੁਰ ਜੀ ਨੇ। ਇਸ ਕਵਿਤਾ ਮੁਕਾਬਲੇ ਦਾ ਪ੍ਰਬੰਧ ਸਕੂਲ ਦੇ ਡਾਇਰੈਕਟਰ ਰਾਕੇਸ਼ ਕੁਮਾਰ ਸੇਮਵਾਲ ਜੀ ਅਤੇ ਪ੍ਰਿੰਸੀਪਲ ਪੂਨਮ ਸੇਮਵਾਲ ਜੀ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ। ਇਸ ਕਵਿਤਾ ਮੁਕਾਬਲੇ ਲਈ ਵਿਦਿਆਰਥੀਆਂ ਦੀ ਤਿਆਰੀ ਸਕੂਲ ਦੀਆਂ ਅਧਿਆਪਕਾ ਗੁਰਵਿੰਦਰ ਕੌਰ, ਗੁਰਮੀਤ ਕੌਰ ਅਤੇ ਰੂਪ ਕੌਰ ਜੀ ਨੇ ਬਾਖੂਬੀ ਕਰਵਾਈ। ਸਕੂਲ ਦੇ ਬੱਚਿਆਂ ਨੇ ਪੰਜਾਬ ਦੇ ਵੱਖ ਵੱਖ ਵਿਸ਼ਿਆਂ ਉੱਤੇ ਬਹੁਤ ਹੀ ਸੋਹਣੀਆਂ ਰਚਨਾਵਾਂ ਸੁਣਾ ਕੇ ਜੱਜਾਂ ਦਾ ਮਨ ਮੋਹ ਲਿਆ। ਇਸ ਮੁਕਾਬਲੇ ਵਿੱਚ ਚੌਥੀ ਤੋਂ ਲੈ ਕੇ ਬਾਰਵੀਂ ਜਮਾਤ ਦੇ ਬੱਚਿਆਂ ਨੇ ਭਾਗ ਲਿਆ। ਇਹ ਮੁਕਾਬਲਾ ਆਪਣੇ ਆਪ ਵਿੱਚ ਇੱਕ ਯਾਦਗਿਰੀ ਹੋ ਨਿਬੜਿਆ।



### ਵਿਧਾਇਕ ਦਹੀਆ ਨੇ ਦਾਣਾ ਮੰਡੀ ਝੋਕ ਹਰੀ ਹਰ, ਸਾਂਦੇ ਹਾਸ਼ਮ ਤੇ ਕੁਲਗੜੀ ਵਿਖੇ ਝੋਨੇ ਦੀ ਖ਼ਰੀਦ ਤੇ ਲਿਫਟਿੰਗ ਦਾ ਲਿਆ ਜਾਇਜ਼ਾ

# ਲਿਫਟਿੰਗ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਉਣ ਦੇ ਦਿੱਤੇ ਨਿਰਦੇਸ਼





**ਫਿਰੋਜ਼ਪੁਰ 26 ਅਕਤੂਬਰ( ਸੁਖਮੰਦਰ ਸਿੰਘ ਸ਼ਾਤ )**-ਵਿਧਾਇਕ ਫਿਰੋਜ਼ਪੁਰ ਦਿਹਾਤੀ ਸ੍ਰੀ. ਰਜਨੀਸ਼ ਦਹੀਯਾ ਨੇ ਹਲਕੇ ਦੇ ਪਿੰਡ ਝੋਕ ਹਰੀ ਹਰ, ਸਾਂਦੇ ਹਾਸ਼ਮ ਤੇ ਕੁਲਗੜੀ ਆਦਿ ਦੀਆਂ ਦਾਣਾ ਮੰਡੀਆਂ ਦਾ ਦੌਰਾ ਕਰਕੇ ਚੱਲ ਰਹੀ ਝੋਨੇ ਦੀ ਖ਼ਰੀਦ ਤੇ ਲਿਫਟਿੰਗ ਦੇ ਕੰਮ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ। ਉਨ੍ਹਾਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਸਾਹਿਬ ਜੀ ਦੀ ਅਗਵਾਈ ਹੇਠ ਕਿਸਾਨਾਂ ਦੀ ਜਿਣਸ ਦਾ ਇੱਕ ਇੱਕ ਦਾਣਾ ਖ਼ਰੀਦ ਕੀਤੀ ਜਾਵੇਗੀ। ਵਿਧਾਇਕ ਦਹੀਯਾ ਨੇ ਮੌਕੇ ਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਦੇ ਵਿੱਚ ਲਿਫਟਿੰਗ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇ ਅਤੇ ਜੇਕਰ ਕਿਸੇ ਕਿਸਾਨ ਜਾਂ ਲੇਬਰ ਨੂੰ ਕੋਈ ਦਿੱਕਤ ਆਉਂਦੀ ਹੈ ਤਾਂ ਉਸਦਾ ਤੁਰੰਤ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਦੇ ਨਾਲ ਡੱਟ ਕੇ ਖੜ੍ਹੀ ਹੈ ਅਤੇ ਉਨ੍ਹਾਂ ਨੂੰ ਮੰਡੀਆਂ ਦੇ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਝੋਕ ਹਰੀ ਹਰ ਮੰਡੀ ਵਿਖੇ ਝੋਨੇ ਦੀ ਲਿਫਟਿੰਗ ਚੱਲ ਰਹੀ ਹੈ। ਕੁਲਗੜੀ ਦੀਆਂ ਮੰਡੀਆਂ ਵਿੱਚ ਵੀ ਲਿਫਟਿੰਗ ਸ਼ੁਰੂ ਹੋ ਚੁੱਕੀ ਹੈ। ਸਾਂਦੇ ਹਾਸ਼ਮ ਮੰਡੀ ਵਿੱਚ ਜਲਦ ਹੀ ਲਿਫਟਿੰਗ ਸ਼ੁਰੂ ਹੋ ਜਾਵੇਗੀ ਉਨ੍ਹਾਂ ਕਿਹਾ ਆਉਂਦੇ ਦਿਨਾਂ ਵਿਚ ਇਸ ਕੰਮ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ। ਇਸ ਮੌਕੇ ਉਹਨਾਂ ਨਾਲ ਸ਼ਾਮ ਸਿੰਘ ਮੁੱਦਕਾ, ਸਰਪੰਚ ਭਜਨ ਸਿੰਘ ਝੋਕ ਹਰੀ ਹਰ, ਸਰਬਜੀਤ ਸਿੰਘ ਸੰਧੂ ਕਸ਼ਮੀਰ ਸਿੰਘ ਸੰਧੂ, ਬੋਹੜ ਸਿੰਘ ਭੱਟੀ, ਸ਼ੀਰਾ ਘਾਰੂ, ਕੁਲਵੰਤ ਸਿੰਘ ਮਨਜੀਤ ਸਿੰਘ ਸੰਧੂ, ਪਰਮਜੀਤ ਸਿੰਘ ਜੰਮੂ ਅਨਾਰਕਲੀ ਸਰਪੰਚ ਹਰਪ੍ਰੀਤ ਸਿੰਘ ਕਾਦਾ ਬੋਹੜਾ ਆਦਿ ਵੀ ਹਾਜ਼ਰ ਸਨ। ਉਨ੍ਹਾਂ ਵੱਲੋਂ ਪਿਛਲੇ ਦਿਨੀਂ ਰਾਇਸ ਮਿੱਲਰ ਐਸੋਸੀਏਸ਼ਨ ਦੇ ਨਾਲ ਮੀਟਿੰਗ ਕੀਤੀ ਗਈ ਸੀ ਅਤੇ ਉਨ੍ਹਾਂ ਨੂੰ ਮੰਡੀਆਂ ਵਿੱਚ ਆਉਣ ਵਾਲੀਆਂ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਵਿਚਾਰ ਚਰਚਾ ਕੀਤੀ ਗਈ ਅਤੇ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਮੰਡੀਆਂ ਵਿੱਚ ਕਿਸੇ ਤਰ੍ਹਾਂ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਐਸੋਸੀਏਸ਼ਨ ਵੱਲੋਂ ਵੀ ਵਿਸ਼ਵਾਸ ਦਿੱਤਾ ਗਿਆ ਕਿ ਮੰਡੀਆਂ ਦੇ ਵਿੱਚ ਲਿਫਟਿੰਗ ਦਾ ਕੰਮ ਨਿਰਵਿਘਨ ਕੀਤਾ ਜਾਵੇਗਾ।

# ਪੰਜਾਬ ਸਰਕਾਰ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਯਤਨਸ਼ੀਲ: ਵਿਧਾਇਕ ਰਜਨੀਸ਼ ਦਹੀਯਾ

### ਵਿਧਾਇਕ ਨੇ ਸਿੱਖਿਆ ਅਧਿਕਾਰੀਆਂ ਨਾਲ ਕੀਤੀ ਮੀਟਿੰਗ



**ਫ਼ਿਰੋਜ਼ਪੁਰ, 26 ਅਕਤੂਬਰ (ਸੁਖਮੰਦਰ ਸਿੰਘ ਸ਼ਾਂਤ)**-ਫਿਰੋਜ਼ਪੁਰ ਹਲਕਾ ਦਿਹਾਤੀ ਦੇ ਵਿਧਾਇਕ ਸ਼੍ਰੀ ਰਜਨੀਸ਼ ਦਹੀਯਾ ਵੱਲੋਂ ਸਿੱਖਿਆ ਅਧਿਕਾਰੀਆਂ ਨਾਲ ਹਲਕੇ ਦੇ ਪ੍ਰਾਇਮਰੀ ਅਤੇ ਸੈਕੰਡਰੀ ਸਕੂਲਾਂ ਵਿੱਚ ਸਿੱਖਿਆ ਖੇਤਰ 'ਚ ਗੁਣਾਤਮਕ ਸੁਧਾਰ ਲਈ ਵਿਸ਼ੇਸ਼ ਮੀਟਿੰਗ ਕੀਤੀ ਗਈ। ਜਿਸ ਵਿੱਚ ਸਰਹੱਦੀ ਖੇਤਰ ਦੇ ਲੋੜਵੰਦ ਸਕੂਲਾਂ ਨੂੰ ਅਪਗ੍ਰੇਡ ਕਰਨ ਸਬੰਧੀ , ਸਕੂਲਾਂ ਵਿੱਚ ਚੱਲ ਰਹੇ ਉਸਾਰੀ ਦੇ ਕੰਮਾਂ, ਵਿਭਾਗ ਵੱਲੋਂ ਵਿਦਿਆਰਥੀਆਂ ਦੀ ਭਲਾਈ ਅਤੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਚੱਲ ਰਹੀਆਂ ਵੱਖ-ਵੱਖ ਸਕੀਮਾਂ ਨੂੰ ਸੁਚੱਜੇ ਢੰਗ ਨਾਲ ਲਾਗੂ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਸਿੱਖਿਆ ਅਧਿਕਾਰੀਆਂ ਨਾਲ ਹਲਕੇ ਦੇ ਸਕੂਲਾਂ ਦੀਆਂ ਭਵਿੱਖੀ ਯੋਜਨਾਵਾਂ ਉਪਰ ਚਰਚਾ ਕੀਤੀ ਤੇ ਆਪਣੇ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਾਅਦਾ ਵੀ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਹਲਕੇ ਦੇ ਕਿਸੇ ਵੀ ਸਕੂਲ ਵਿੱਚ ਕੋਈ ਕੰਮ ਅਧੂਰਾ ਹੈ ਤਾਂ ਉਹ ਬੇਝਿਜਕ ਹੋ ਕੇ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ ਤਾਂ ਜੋ ਅਧੂਰੇ ਪਏ ਕੰਮ ਨੂੰ ਵੀ ਜਲਦ ਤੋਂ ਜਲਦ ਪੂਰਾ ਕੀਤਾ ਜਾ ਸਕੇ। ਇਸ ਮੌਕੇ ਵਿਧਾਇਕ ਦਹੀਯਾ ਨੇ ਕਿਹਾ ਕਿ ਸਿੱਖਿਆ ਦਾ ਮਿਆਰ ਉਚਾ ਚੁੱਕਣਾ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਟੀਚਾ ਹੈ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਿੱਖਿਆ ਦੇ ਵਿਕਾਸ ਪੱਖੀ ਸੋਚ ਦੀ ਸ਼ਲਾਘਾ ਕਰਦਿਆਂ ਕਿਹਾ ਕਿ 'ਸਕੂਲ ਆਫ਼ ਐਮੀਨੈਂਸ' ਹੋਣਹਾਰ ਵਿਦਿਆਰਥੀਆਂ ਦੇ ਰੌਸ਼ਨ ਭਵਿੱਖ ਦੀਆਂ ਸੰਸਥਾਵਾਂ ਵਜੋਂ ਸਿੱਖਿਆ ਖੇਤਰ ਵਿਚ ਨਵਾਂ ਇਨਕਲਾਬ ਲੈ ਕੇ ਆਏ ਹਨ ਅੱਜ ਇਨ੍ਹਾਂ ਸਕੂਲਾਂ ਦੇ ਹੋਣਹਾਰ ਅਤੇ ਕਾਬਲ ਵਿਦਿਆਰਥੀਆਂ ਖਾਸ ਕਰਕੇ ਸਰਕਾਰੀ ਸਕੂਲਾਂ ਦੇ ਬੱਚੇ ਮੁਕਾਬਲੇ ਦੀਆਂ ਪ੍ਰੀਖਿਆਵਾਂ 'ਚ ਦੇਸ਼ ਦੇ ਬਾਕੀ ਬੱਚਿਆਂ ਨੂੰ ਪਛਾੜ ਕੇ ਚੰਗੇ ਰੈਂਕ ਹਾਸਲ ਕਰ ਰਹੇ ਹਨ। ਇਸ ਮੌਕੇ ਸ਼੍ਰੀਮਤੀ ਮੁਨੀਲਾ ਅਰੋੜਾ ਜ਼ਿਲ੍ਹਾ ਸਿੱਖਿਆ ਅਫ਼ਸਰ ਸਕੈਂਡਰੀ ਫ਼ਿਰੋਜ਼ਪੁਰ, ਸ਼੍ਰੀਮਤੀ ਸੁਨੀਤਾ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ, ਡਾ. ਸਤਿੰਦਰ ਸਿੰਘ ਉੱਪ ਜ਼ਿਲਾ ਸਿੱਖਿਆ ਅਫਸਰ ਸੈਕੰਡਰੀ , ਸ੍ਰੀ ਕੋਮਲ ਅਰੋੜਾ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ, ਸੁਮਨਦੀਪ ਕੌਰ, ਪੀ.ਏ. ਟੂ ਐਮ.ਐਲ.ਏ. ਸ. ਰੌਬੀ ਸੰਧੂ, ਸ. ਅੰਮ੍ਰਿਤ ਪਾਲ ਬਰਾੜ, ਸ. ਜਸਵਿੰਦਰ ਸਿੰਘ ਅਤੇ ਸ. ਇੰਦਰਜੀਤ ਸਿੰਘ, ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਤੋਂ ਇਲਾਵਾ ਸਰਬਜੀਤ ਸਿੰਘ ਏ.ਸੀ.ਪੀ. ਜਨਰਲ, ਸ. ਵਰਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਝੋਨੇ ਦੀ ਖਰੀਦ ਨੂੰ ਲੈ ਕੇ ਕਿਸਾਨਾਂ ਦੀ ਹੋ ਰਹੀ ਖੱਜਲ ਖੁਆਰੀ ਤੇ ਡੀ ਏ ਪੀ ਰੇਹ ਨਾ ਮਿਲਣਾ ਹਕੂਮਤਾਂ ਦੀ ਨਾਕਾਮੀ : ਕਿਸਾਨ ਆਗੂ ਲਖਵਿੰਦਰ ਸਿੰਘ ਨੰਬਰਦਾਰ

ਸੰਯੁਕਤ ਕਿਸਾਨ ਮੋਰਚੇ ਦੀ ਕਾਲ ਤੇ ਕੇਂਦਰ ਅਤੇ ਪੰਜਾਬ ਸਰਕਾਰ ਖਿਲਾਫ 11 ਤੋਂ ਤਿੰਨ ਵਜੇ ਤੱਕ ਚਾਰ ਘੰਟੇ ਦਾ ਧਰਨਾ ਐਮਰਜੈਂਸੀ ਸੇਵਾਵਾਂ ਦਾ ਖਾਸ ਧਿਆਨ ਰੱਖਿਆ ਗਿਆ ਸਾਡੇ ਸਾਹਮਣੇ ਕਵਰੇਜ ਕਰਦੇ ਸਮੇਂ ਦੋ ਐਂਬੂਲੈਂਸਾਂ ਆਈਆਂ, ਲਗਾਈਆਂ ਗਈਆਂਸੰਯੁਕਤ ਕਿਸਾਨ ਮੋਰਚੇ ਦੀ ਕਾਲ ਤੇ 25 ਅਕਤੂਬਰ ਨੂੰ ਸਾਰੇ ਪੰਜਾਬ ਵਿੱਚ 11 ਵਜੇ ਤ ਵਜੇ ਤੱਕ ਕਿਸਾਨਾਂ ਵੱਲੋਂ ਰੋਡ ਜਾਮ ਕੀਤਾ ਗਿਆ । ਬਲਬੇੜਾ ਬਲਾਕ ਚ ਪੈਂਦੇ ਪਿੰਡਾਂ ਦੇ ਕਿਸਾਨਾਂ ਨੇ ਇਕੱਠੇ ਹੋ ਕੇ ਚੀਕਾ ਤੋਂ ਪਟਿਆਲਾ ਰੋਡ ਤੇ ਧਰਨਾ ਲਗਾਇਆ ਗਿਆ । ਮੌਕੇ ਤੇ ਕਿਸਾਨ ਆਗੂ ਲਖਵਿੰਦਰ ਸਿੰਘ ਨੰਬਰਦਾਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਦੀ ਵੱਡੀ ਨਕਾਮੀ ਸਾਹਮਣੇ ਆ ਰਹੀ ਹੈ ਜਿਹੜਾ ਉਹਨਾਂ ਨੇ ਸੈਲਰਾਂ ਵਿੱਚੋਂ ਝੋਨੇ ਦੀ ਫਸਲ ਲਈ ਥਾਂ ਖਾਲੀ ਨਹੀਂ ਕਰਵਾਇਆ ।ਸੈਲਰਾਂ ਚ ਥਾ ਨਾ ਹੋਣਾ ਪੰਜਾਬ ਸਰਕਾਰ ਦੀ ਨਕਾਮੀ ਕਰਕੇ ਅੱਜ ਪੰਜਾਬ ਦੇ ਕਿਸਾਨਾਂ ਨੂੰ ਖੱਜਲ ਹੋਣਾ ਪੈ ਰਿਹਾ ਉਹਨਾਂ ਦੀ ਝੋਨੇ ਦੀ ਫਸਲ ਮੰਡੀਆਂ ਚੋਂ ਚੁੱਕੀ ਨਹੀਂ ਜਾ ਰਹੀ ।ਲਖਵਿੰਦਰ ਸਿੰਘ ਨੰਬਰਦਾਰ ਕਿਸਾਨ ਆਗੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੀਏਪੀ ਰੇਹ ਦੀ ਕਿੱਲਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਜੋ ਬਹੁਤੀਆਂ ਥਾਵਾਂ ਤੇ ਤਾਂ ਮਿਲ ਹੀ ਨਹੀਂ ਰਿਹਾ, ਜਿੱਥੇ ਮਿਲ ਰਹੀ ਹੈ ਉਥੇ ਬਲੈਕ ਵਿੱਚ ਮਿਲ ਰਹੀ ਹੈ ।ਇਹਨਾਂ ਸਾਰੀਆਂ ਗੱਲਾਂ ਲਈ ਹਕੂਮਤਾਂ ਜਿੰਮੇਵਾਰ ਹਨ । ਕਿਸਾਨ ਆਗੂ ਲਖਵਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੇਂਦਰ ਸਰਕਾਰ ਪੰਜਾਬ ਤੋਂ ਤਿੰਨ ਕਾਲੇ ਕਾਨੂੰਨ ਰੱਦ ਕਰਾਉਣ ਦਾ ਬਦਲਾ ਕਿਸਾਨਾਂ ਨੂੰ ਖੱਜਲ ਖੁਆਰ ਕਰਕੇ ਲੈ ਰਹੀ ਹੈ ।

**-ਪਰਗਟ ਸਿੰਘ ਬਲਬੇੜਾ , 9022000070**

## ਦੀਵਾਲੀ ਅਤੇ ਗੁਰਪੁਰਬ ਦੇ ਤਿਉਹਾਰ ਨੂੰ ਮੁੱਖ ਰਖਦਿਆਂ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪਟਾਖ਼ੇ ਵੇਚਣ ਲਈ ਥਾਵਾਂ ਨਿਰਧਾਰਿਤ

**ਫਿਰੋਜ਼ਪੁਰ 26 ਅਕਤੂਬਰ** - ਜ਼ਿਲ੍ਹਾ ਮੈਜਿਸਟਰੇਟ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਆਈ.ਏ.ਐਸ. ਨੇ ਦੀਵਾਲੀ, ਗੁਰਪੁਰਬ, ਕ੍ਰਿਸਮਸ ਅਤੇ ਨਵੇਂ ਸਾਲ ਦੇ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਪਟਾਕਆਂ ਦੀ ਵਿਕਰੀ ਲਈ ਥਾਵਾਂ ਨਿਰਧਾਰਿਤ ਕੀਤੀਆਂ ਹਨ। ਪਟਾਕੇ ਵਿਕਰੇਤਾਵਾਂ ਵੱਲੋਂ ਫਿਰੋਜ਼ਪੁਰ ਸ਼ਹਿਰ ਵਿਚ ਪੁੱਡਾ ਪਾਰਕਿੰਗ ਦੀ ਗਰਾਉਂਡ (ਬੈਕ ਸਾਇਡ ਸੈਂਟਰਲ ਜੇਲ) ਨੇੜੇ ਬਾਬਾ ਨਾਮਦੇਵ ਚੌਂਕ, ਫਿਰੋਜ਼ਪੁਰ ਕੈਂਟ ਵਿਚ ਓਪਨ ਗਰਾਂਉਂਡ ਮਨੋਹਰ ਲਾਲ ਸੀਨੀਅਰ ਸੰਕੈਡਰੀ ਸਕੂਲ, ਮਮਦੋਟ ਵਿਚ ਨੇੜੇ ਸਟੇਸ਼ਨ ਬੀ.ਐਸ.ਐਫ ਗਰਾਉਂਡ ਮਮਦੋਟ , ਮੱਲਾਂਵਾਲਾ ਵਿਚ ਓਪਨ ਗਰਾਉਂਡ ਸ਼੍ਰੀ ਸੁਖਵਿੰਦਰ ਸਿੰਘ, ਸੀਨੀਅਰ ਸੰਕੈਡਰੀ ਸਕੂਲ , ਜ਼ੀਰਾ ਵਿਖੇ ਓਪਨ ਗਰਾਊਂਡ ਸ਼੍ਰੀ ਗੁਰਦਾਸ ਰਾਮ ਮੈਮੋਰੀਅਲ ਸੀਨੀਅਰ ਸੰਕੈਡਰੀ ਸਕੂਲ, ਜ਼ੀਰਾ ਅਤੇ ਓਪਨ ਗਰਾਊਂਡ ਆਫ ਸ਼੍ਰੀ ਜੀਵਨ ਮੱਲ ਸੀਨੀਅਰ ਸੰਕੈਡਰੀ ਸਕੂਲ ਜ਼ੀਰਾ ਵਿਚ ਪਟਾਕੇ ਵੇਚੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਪਟਾਕਿਆਂ ਦੀ ਵਿਕਰੀ ਸਿਰਫ ਉਸ ਲਾਇਸੰਸ ਸ਼ੁਦਾ ਵਿਕਰੇਤਾ ਵੱਲੋਂ ਹੀ ਕੀਤੀ ਜਾ ਸਕਦੀ ਹੈ ਜਿਸ ਨੂੰ ਦਫ਼ਤਰ ਜ਼ਿਲ੍ਹਾ ਮੈਜਿਸਟਰੇਟ, ਫਿਰੋਜ਼ਪੁਰ ਵੱਲੋਂ ਆਰਜ਼ੀ ਲਾਇਸੰਸ ਜਾਰੀ ਕੀਤਾ ਗਿਆ ਹੋਵੇ। ਸਰਕਾਰ ਦੀਆਂ ਹਦਾਇਤਾਂ ਅਨੁਸਾਰ ਦੀ ਆਰਜੀ ਲਾਇਸੰਸ ਪ੍ਰਾਪਤ ਕਰਨ ਲਈ ਚਾਹਵਾਨ ਬਿਨੈਕਾਰ ਦੀਆਂ ਦਰਖਾਸਤਾਂ ਪ੍ਰਾਪਤ ਕਰਨ ਲਈ ਪ੍ਰੈਸ ਨੋਟ ਜਾਰੀ ਕੀਤਾ ਗਿਆ ਸੀ। ਸਮਾਂ ਸੀਮਾਂ ਦੌਰਾਨ ਵੱਖ-ਵੱਖ ਬਿਨੈਕਾਰਾਂ ਦੀਆਂ ਦਰਖਾਸਤਾਂ ਪ੍ਰਾਪਤ ਹੋਈਆਂ। ਜਿੰਨਾਂ ਨੂੰ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਵਿਚਾਰਨ ਉਪਰੰਤ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਕੁੱਲ ਪ੍ਰਾਪਤ ਹੋਈਆਂ 38 ਦਰਖਾਸਤਾਂ ਵਿਚੋਂ 20 ਆਰਜ਼ੀ ਲਾਇਸੰਸ ਜਾਰੀ ਕੀਤੇ ਗਏ ਹਨ। ਨਿਰਧਾਰਤ ਜਗ੍ਹਾ ਤੋਂ ਇਲਾਵਾ ਹੋਰ ਕਿਸੇ ਜਗ੍ਹਾ ਤੇ ਪਟਾਕੇ ਵੇਚਣ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243